ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਸੋਮਵਾਰ, 4 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੫, ੨੧ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮੁਕੇਰੀਆਂ ’ਚ ਡੋਲੀ ਵਾਲੀ ਕਾਰ ਹੋਈ ਹਾਦਸੇ ਦਾ ਸ਼ਿਕਾਰ, ਉੱਡੇ ਪਰੱਖਚੇ, ਮਚਿਆ ਚੀਕ-ਚਿਹਾੜਾ

**ਮੁਕੇਰੀਆਂ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਤੋਂ ਗੁਰਦਾਸਪੁਰ ਜਾ ਰਹੀ ਲਾੜੇ ਦੀ ਕਾਰ ਹਲਕਾ ਮੁਕੇਰੀਆਂ ਦੇ ਪਿੰਡ ਹਵੇਲ ਚਾਂਗ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਈ। ਹਾਦਸੇ ਵਿੱਚ ਕਾਰ ਵਿੱਚ ਸਵਾਰ ਕੁੱਲ 6 ਵਿਅਕਤੀਆਂ ਵਿੱਚੋਂ ਲਾੜੇ ਦੀ ਭੈਣ ਸਮੇਤ ਡਰਾਈਵਰ ਗੰਭੀਰ ਜ਼ਖ਼ਮੀ ਹੋ ਗਿਆ। ਕਾਰ ਵਿੱਚ ਸਵਾਰ ਸਾਰੇ ਲੋਕ ਹਿਮਾਚਲ ਪ੍ਰਦੇਸ਼ ਦੇ ਹਮੀਰਪੁਰ ਜ਼ਿਲ੍ਹੇ ਦੇ ਵਾਸੀ ਸਨ। ਹਾਦਸੇ ਤੋਂ ਬਾਅਦ ਰਾਹਗੀਰਾਂ ਦੀ ਮਦਦ ਨਾਲ ਸਾਰਿਆਂ ਨੂੰ ਮੁਕੇਰੀਆਂ ਦੇ ਇਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਜਿੱਥੇ ਲਾੜੇ ਸਮੇਤ ਹੋਰ ਸਵਾਰੀਆਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ। ਇਥੋਂ ਲਾੜੇ ਦੀ ਭੈਣ ਅਤੇ ਡਰਾਈਵਰ ਨੂੰ ਛੱਡ ਕੇ ਸਾਰੇ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਹਸਪਤਾਲ ਤੋਂ ਰਵਾਨਾ ਹੋਏ। ਡਾਕਟਰਾਂ ਮੁਤਾਬਕ ਲਾੜੇ ਦੀ ਭੈਣ ਕਵਿਤਾ ਦੇ ਸਿਰ ’ਤੇ ਗੰਭੀਰ ਸੱਟਾਂ ਲੱਗੀਆਂ ਹਨ, ਜਦਕਿ ਕਾਰ ਚਾਲਕ ਸਿਰ ਅਤੇ ਛਾਤੀ ’ਚ ਤੇਜ਼ ਦਰਦ ਦੀ ਸ਼ਿਕਾਇਤ ਕਰਦੇ ਹੋਏ ਹਸਪਤਾਲ ’ਚ ਜ਼ੇਰੇ ਇਲਾਜ ਹੈ। ਜਾਣਕਾਰੀ ਦਿੰਦੇ ਹੋਏ ਡਰਾਈਵਰ ਨਗਿੰਦਰ ਅਤੇ ਭੈਣ ਕਵਿਤਾ ਨੇ ਦੱਸਿਆ ਕਿ ਕਾਰ ’ਚ ਸਵਾਰ ਲਾੜੇ ਸਮੇਤ ਕੁੱਲ 6 ਲੋਕ ਰਾਤ ਕਰੀਬ 2 ਵਜੇ ਹਮੀਰਪੁਰ ਤੋਂ ਮੁੰਡੇ ਦੇ ਵਿਆਹ ਲਈ ਰਵਾਨਾ ਹੋਏ ਸਨ। ਕਾਰ ਵਿੱਚ ਲਾੜੇ ਦੀਆਂ ਦੋ ਭੈਣਾਂ ਅਤੇ ਦੋ ਭਰਾ ਮੌਜੂਦ ਸਨ। ਜਿਵੇਂ ਹੀ ਕਾਰ ਤਲਵਾੜਾ ਮੁਕੇਰੀਆਂ ਨੇੜੇ ਪਿੰਡ ਹਵੇਲ ਚਾਂਗ ਕੋਲ ਪੁੱਜੀ ਤਾਂ ਕਾਰ ਬੇਕਾਬੂ ਹੋ ਕੇ ਸੜਕ ਕਿਨਾਰੇ ਲੱਗੇ ਚਿੱਟੇ ਦੇ ਦਰੱਖ਼ਤ ਨਾਲ ਜਾ ਟਕਰਾਈ।

## ਕਿਸਾਨਾਂ ਵੱਲੋਂ ਦਿੱਲੀ ਕੂਚ ਦਾ ਐਲਾਨ

# 6 ਮਾਰਚ ਨੂੰ ਦਿਲੀ ਜੰਤਰ ਮੰਤਰ ਪਹੁੰਚਣਗੇ

**ਬਠਿੰਡਾ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਕਿਸਾਨਾਂ ਨੇ ਦਿੱਲੀ ਕੂਚ ਦਾ ਐਲਾਨ ਕਰ ਦਿੱਤਾ ਹੈ। ਕਿਸਾਨ ਟਰੈਕਟਰ-ਟਰਾਲੀਆਂ ਨਹੀਂ ਸਗੋਂ ਰੇਲਾਂ ਤੇ ਬੱਸਾਂ ਰਾਹੀਂ ਦਿੱਲੀ ਜਾਣਗੇ। ਇਹ ਐਲਾਨ ਕਿਸਾਨ ਲੀਡਰ ਸਰਵਣ ਸਿੰਘ ਪੰਧੇਰ ਨੇ ਕੀਤਾ ਹੈ। ਪੰਧੇਰ ਨੇ ਕਿਹਾ ਕਿ 6 ਮਾਰਚ ਨੂੰ ਦਿੱਲੀ ਜੰਤਰ ਮੰਤਰ ਜਾਵਾਂਗੇ। ਅਸੀਂ ਰੇਲ ਰਾਹੀਂ ਜਾਂ ਬੱਸਾਂ ਰਾਹੀਂ ਜਾਵਾਂਗੇ। ਫਿਰ ਦੇਖਾਂਗੇ ਕਿ ਜਾਣ ਦਿੰਦੇ ਹਨ ਜਾਂ ਨਹੀਂ। ਦਰਅਸਲ ਹਰਿਆਣਾ ਤੇ ਕੇਂਦਰ ਸਰਕਾਰ ਦੀ ਸਖਤੀ ਮਗਰੋਂ ਕਿਸਾਨ ਜਥੰਬਦੀਆਂ ਨੇ ਆਪਣੀ ਰਣਨੀਤੀ ਬਦਲੀ ਹੈ। ਸਰਕਾਰ ਨੇ ਹਾਈਕੋਰਟ ਵਿੱਚ ਕਿਹਾ ਹੈ ਕਿ ਕਿਸਾਨ ਟਰੈਕਟਰ-ਟਰਾਲੀਆਂ ਦੀ ਥਾਂ ਬੱਸਾਂ ਤੇ ਰੇਲਾਂ ਰਾਹੀਂ ਦਿੱਲੀ ਜਾ ਸਕਦੇ ਹਨ। ਹੁਣ ਕਿਸਾਨਾਂ ਨੇ ਵੀ ਟਰੈਕਟਰ-ਟਰਾਲੀਆਂ ਦੀ ਥਾਂ ਬੱਸਾਂ ਤੇ ਰੇਲਾਂ ਰਾਹੀਂ ਦਿੱਲੀ ਜਾਣ ਦਾ ਫੈਸਲਾ ਲੈ ਲਿਆ ਹੈ। ਕਿਸਾਨ ਸ਼ੁਭਕਰਨ ਦੇ ਭੋਗ ਮਗਰੋਂ ਕਿਸਾਨ ਜਥੇਬੰਦੀਆਂ ਨੇ ਐਲਾਨ ਕੀਤਾ ਕਿ ਕਿਸਾਨ 6 ਮਾਰਚ ਨੂੰ ਦਿੱਲੀ ਵੱਲ



ਮਾਰਚ ਕਰਨਗੇ। 10 ਮਾਰਚ ਨੂੰ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਦੇਸ਼ ਭਰ ਵਿੱਚ ਟ੍ਰੇਨਾਂ ਵੀ ਬੰਦ ਰਹਿਣਗੀਆਂ। ਅੱਜ ਬਠਿੰਡਾ ਵਿਖੇ ਸ਼ੁਭਕਰਨ ਸਿੰਘ ਦੀ ਅੰਤਿਮ ਅਰਦਾਸ ਦੌਰਾਨ ਸਟੇਜ ਤੋਂ ਸੰਬੋਧਨ ਕਰਦਿਆਂ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਹਰਿਆਣਾ-ਪੰਜਾਬ ਦੇ ਕਿਸਾਨ ਖਨੌਰੀ-ਸ਼ੰਭੂ ਬਾਰਡਰ ’ਤੇ ਹੀ ਧਰਨਾ ਦੇਣਗੇ, ਜਦਕਿ ਦੇਸ਼ ਦੇ ਬਾਕੀ ਹਿੱਸਿਆਂ ਤੋਂ ਕਿਸਾਨ ਦਿੱਲੀ ਪੁੱਜਣਗੇ। ਪੰਜਾਬ ਵਿੱਚ ਕਿਸਾਨ ਮਜ਼ਦੂਰ ਮੋਰਚਾ ਤੇ ਸੰਯੁਕਤ ਕਿਸਾਨ ਮੋਰਚਾ ਦੇ ਗੈਰ-ਸਿਆਸੀ ਆਗੂ ਪੰਧੇਰ ਨੇ ਕਿਹਾ ਕਿ 6 ਮਾਰਚ ਨੂੰ ਹਰਿਆਣਾ-ਪੰਜਾਬ ਨੂੰ ਛੱਡ ਕੇ ਬਾਕੀ ਸੂਬਿਆਂ ਦੇ ਕਿਸਾਨ ਆਪੋ-ਆਪਣੇ ਢੰਗ ਨਾਲ ਦਿੱਲੀ ਪੁੱਜਣਗੇ। ਉਹ ਰੇਲ ਗੱਡੀਆਂ, ਬੱਸਾਂ ਜਾਂ ਪੈਦਲ ਦਿੱਲੀ ਆਉਣਗੇ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦਾ ਕਹਿਣਾ ਹੈ ਕਿ ਕਿਸਾਨ ਰੇਲ-ਬੱਸ ਰਾਹੀਂ ਦਿੱਲੀ ਪਹੁੰਚ ਸਕਦੇ ਹਨ, ਜਦਕਿ ਰੇਲ ਗੱਡੀ ਰਾਹੀਂ ਬਿਹਾਰ-ਕਰਨਾਟਕ ਤੋਂ ਦਿੱਲੀ ਆ ਰਹੇ ਕਿਸਾਨਾਂ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ। 6 ਮਾਰਚ ਦਾ ਕੂਚ ਸਪੱਸ਼ਟ ਕਰ ਦੇਵੇਗਾ ਕਿ ਸਰਕਾਰ ਕਿਸਾਨਾਂ ਨੂੰ ਟਰੈਕਟਰ ਟਰਾਲੀਆਂ ਤੋਂ ਬਿਨਾਂ ਦਿੱਲੀ ਆਉਣ ਦੀ ਇਜਾਜ਼ਤ ਦੇਣਾ ਚਾਹੁੰਦੀ ਹੈ ਜਾਂ ਨਹੀਂ।

## ਪਾਕਿਸਤਾਨ ’ਚ ਭਾਰੀ ਮੀਂਹ ਕਾਰਨ 37 ਲੋਕਾਂ ਦੀ ਮੌਤ, ਕਈ ਘਰ ਢਹਿ ਢੇਰੀ

**ਇਸਲਾਮਾਬਾਦ, 3 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਵਿੱਚ ਪਿਛਲੇ 48 ਘੰਟਿਆਂ ਦੌਰਾਨ ਹੋਈ ਭਾਰੀ ਬਾਰਿਸ਼ ਕਾਰਨ ਘੱਟੋ-ਘੱਟ 37 ਲੋਕਾਂ ਦੀ ਮੌਤ ਹੋ ਗਈ ਅਤੇ 50 ਹੋਰ ਜ਼ਖ਼ਮੀ ਹੋ ਗਏ। ਦੇਸ਼ ਦੇ ਅਧਿਕਾਰੀਆਂ ਨੇ ਐਤਵਾਰ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ। ਸਮਾਚਾਰ ਏਜੰਸੀ ਸ਼ਿਨਹੂਆ ਦੀ ਰਿਪੋਰਟ ਮੁਤਾਬਕ ਅਧਿਕਾਰੀਆਂ ਨੇ ਦੱਸਿਆ ਕਿ ਮੀਂਹ ਕਾਰਨ ਕਈ ਘਰ ਢਹਿ ਗਏ ਅਤੇ ਜ਼ਮੀਨ ਖਿਸਕਣ ਕਾਰਨ ਸੜਕਾਂ ਬੰਦ ਹੋ ਗਈਆਂ, ਖਾਸ ਤੌਰ ’ਤੇ ਉੱਤਰ ਪੱਛਮੀ ਖੈਬਰ ਪਖਤੂਨਖਵਾ (ਕੇਪੀ) ਸੂਬੇ ਵਿੱਚ। ਇਸ ਵਿਚ ਦੱਸਿਆ ਗਿਆ ਹੈ ਕਿ ਵੀਰਵਾਰ ਰਾਤ ਤੋਂ ਕੇਪੀ ਵਿਚ ਮੀਂਹ ਨਾਲ ਸਬੰਧਤ ਘਟਨਾਵਾਂ ਵਿਚ ਲਗਭਗ 27 ਲੋਕਾਂ ਦੀ ਮੌਤ ਹੋ ਗਈ, ਮਰਨ ਵਾਲਿਆਂ ਵਿਚ ਜ਼ਿਆਦਾਤਰ ਬੱਚੇ ਹਨ। ਜਦੋਂ ਕਿ ਦੱਖਣ-ਪੱਛਮੀ ਬਲੋਚਿਸਤਾਨ ਪ੍ਰਾਂਤ ਵਿੱਚ ਗਵਾਦਰ ਦੇ ਤੱਟਵਰਤੀ ਸ਼ਹਿਰ ਵਿੱਚ ਹੜ੍ਹ ਆਉਣ ਤੋਂ ਬਾਅਦ ਪੰਜ ਲੋਕਾਂ ਦੀ ਮੌਤ ਹੋ ਗਈ। ਇਸ ਨਾਲ ਅਧਿਕਾਰੀਆਂ ਨੂੰ ਲਗਭਗ 10,000 ਲੋਕਾਂ ਨੂੰ ਕੱਢਣ ਲਈ ਕਿਸ਼ਤੀਆਂ ਦੀ ਵਰਤੋਂ ਕਰਨ ਲਈ ਮਜਬੂਰ ਹੋਣਾ ਪਿਆ। ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਨੇ ਕਿਹਾ ਕਿ ਪ੍ਰਭਾਵਿਤ ਖੇਤਰਾਂ ਵਿੱਚ ਲੋਕਾਂ ਨੂੰ ਐਮਰਜੈਂਸੀ ਰਾਹਤ ਪ੍ਰਦਾਨ ਕੀਤੀ ਜਾ ਰਹੀ ਹੈ ਅਤੇ ਹਾਈਵੇਅ ਨੂੰ ਰੋਕਣ ਵਾਲੇ ਮਲਬੇ ਨੂੰ ਹਟਾਉਣ ਲਈ ਭਾਰੀ ਮਸ਼ੀਨਾਂ ਤਾਇਨਾਤ ਕੀਤੀਆਂ ਗਈਆਂ ਹਨ। ਉੱਤਰੀ ਗਿਲਗਿਤ ਬਾਲਟਿਸਤਾਨ ਖੇਤਰ ਦੇ ਬੁਲਾਰੇ ਫੈਜ਼ਉੱਲ੍ਹਾ ਫਾਰਕ ਅਨੁਸਾਰ ਜ਼ਮੀਨ ਖਿਸਕਣ ਕਾਰਨ ਦੇਸ਼ ਦਾ ਕਾਰਾਕੋਰਮ ਹਾਈਵੇਅ ਬੰਦ ਹੋ ਗਿਆ ਹੈ, ਜੋ ਪਾਕਿਸਤਾਨ ਨੂੰ ਚੀਨ ਨਾਲ ਜੋੜਦਾ ਹੈ। ਸੰਯੁਕਤ ਰਾਸ਼ਟਰ ਅਨੁਸਾਰ ਗਲੋਬਲ ਕਾਰਬਨ ਨਿਕਾਸ ਵਿੱਚ ਦੱਖਣੀ ਏਸ਼ੀਆਈ ਦੇਸ਼ ਦੇ ਲਗਭਗ ਜ਼ੀਰੋ ਯੋਗਦਾਨ ਦੇ ਬਾਵਜੂਦ ਪਾਕਿਸਤਾਨ ਜਲਵਾਯੂ ਤਬਦੀਲੀ ਲਈ 10 ਸਭ ਤੋਂ ਕਮਜ਼ੋਰ ਦੇਸ਼ਾਂ ਵਿੱਚੋਂ ਇੱਕ ਹੈ। ਅਥਾਰਟੀ ਨੇ ਕਿਹਾ ਕਿ ਖੈਬਰ ਪਖਤੂਨਖਵਾ ਸੂਬੇ ਦੇ 10 ਜ਼ਿਲਿਆਂ ’ਚ ਪਿਛਲੇ 48 ਘੰਟਿਆਂ ’ਚ ਬਾਜੌਰ, ਸਵਾਤ, ਲੋਅਰ ਦੀਰ, ਮਲਕੰਦ, ਖੈਬਰ, ਪਿਸ਼ਾਵਰ, ਦੱਖਣੀ ਵਜ਼ੀਰਸਤਾਨ ਅਤੇ ਲੱਕੀ ਮਰਵਾਤ ਸਮੇਤ ਭਾਰੀ ਬਾਰਿਸ਼ ਕਾਰਨ 37 ਲੋਕ ਜ਼ਖ਼ਮੀ ਹੋਏ ਹਨ। ਖੈਬਰ ਪਖਤੂਨਖਵਾ ਦੇ ਮੁੱਖ ਮੰਤਰੀ ਅਲੀ ਅਮੀਨ ਗੰਡਾਪੁਰ ਨੇ ਕਿਹਾ ਕਿ ਮੀਂਹ ਨਾਲ ਪ੍ਰਭਾਵਿਤ ਲੋਕਾਂ ਨੂੰ ਇਸ ਨਾਜ਼ੁਕ ਸਮੇਂ ’ਤੇ ਇਕੱਲੇ ਨਹੀਂ ਛੱਡਿਆ ਜਾਵੇਗਾ ਅਤੇ ਉਨ੍ਹਾਂ ਦੇ ਨੁਕਸਾਨ ਦਾ ਉਚਿਤ ਮੁਆਵਜ਼ਾ ਦਿੱਤਾ ਜਾਵੇਗਾ।

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ।।
ਸਚੀ ਦਰਗਹ ਜਾਇ ਸਚਾ ਪਿੜ ਮਲਿਆ ।।

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ


# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ 6 ਮਾਰਚ ਨੂੰ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ ਜੀ

ਵੱਲੋਂ ਆਵਾਜ਼ਿ ਕੌਮ AWAZE QAUM International Newspaper & WEB TV





# ਸ਼ਾਹਬਾਜ਼ ਸ਼ਰੀਫ ਨੂੰ ਚੁਣਿਆ ਗਿਆ ਪਾਕਿਸਤਾਨ ਦਾ ਪ੍ਰਧਾਨ ਮੰਤਰੀ

ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀਐਮਐਲ-ਐਨ) ਦੇ ਆਗੂ ਸ਼ਾਹਬਾਜ਼ ਸ਼ਰੀਫ ਐਤਵਾਰ ਨੂੰ ਗੱਠਜੋੜ ਸਰਕਾਰ ਦੀ ਅਗਵਾਈ ਕਰਨ ਲਈ ਦੂਜੀ ਵਾਰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਬਣੇ। ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀਐਮਐਲ-ਐਨ) ਅਤੇ ਪਾਕਿਸਤਾਨ ਪੀਪਲਜ਼ ਪਾਰਟੀ (ਪੀਪੀਪੀ) ਦੇ ਸਰਬਸੰਮਤੀ ਨਾਲ ਉਮੀਦਵਾਰ 72 ਸਾਲਾ ਸ਼ਾਹਬਾਜ਼ ਨੂੰ 201 ਵੋਟਾਂ ਮਿਲੀਆਂ,

ਆਵਾਜ਼ਿ ਕੌਮ
AWAZE QAUM
International Newspaper & WEB TV

ਜੋ 336 ਵਿੱਚ ਸਦਨ ਦਾ ਨੇਤਾ ਬਣਨ ਲਈ ਲੋੜੀਂਦੀਆਂ ਵੋਟਾਂ ਨਾਲੋਂ 32 ਵੱਧ ਹਨ।ਜੇਲ੍ਹ ‘ਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀਟੀਆਈ) ਦੇ ਸ਼ਾਹਬਾਜ਼ ਦੇ ਉਮੀਦਵਾਰ ਉਮਰ ਅਯੂਬ ਖਾਨ ਨੂੰ 92 ਵੋਟਾਂ ਮਿਲੀਆਂ। ਨੈਸ਼ਨਲ ਅਸੈਂਬਲੀ ਦੇ ਸਪੀਕਰ ਸਰਦਾਰ ਅਯਾਜ਼ ਸਾਦਿਕ ਨੇ ਸ਼ਾਹਬਾਜ਼ ਨੂੰ ਪਾਕਿਸਤਾਨ ਦੇ 24ਵੇਂ ਪ੍ਰਧਾਨ ਮੰਤਰੀ ਵਜੋਂ ਨਿਯੁਕਤ ਕਰਦੇ ਹੋਏ ਨਤੀਜਿਆਂ ਦੀ ਘੋਸ਼ਣਾ ਕੀਤੀ।ਸ਼ਿਹਬਾਜ਼ ਨੂੰ ਸੋਮਵਾਰ ਨੂੰ ਰਾਸ਼ਟਰਪਤੀ ਭਵਨ ਵਿੱਚ ਅਹੁਦੇ ਦੀ ਸਹੁੰ ਚੁਕਾਈ ਜਾਵੇਗੀ।








ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ

--✶ ਬੇਨਤੀ ਕਰਤਾ ✶--

ਭਾਈ ਪਰਗਟ ਸਿੰਘ ਨਿੱਝਰ ਜਰਮਨੀ (ਰਿਬੈਰੋ ਕਾਂਡ)
ਬੀਬੀ ਹਰਪ੍ਰੀਤ ਕੌਰ (ਸਪੁੱਤਰ-ਨੂੰਹ)
ਭਾਈ ਸੁਰਜੀਤ ਸਿੰਘ ਨਿੱਝਰ, ਬੀਬੀ ਕੁਲਵੀਰ ਕੌਰ (ਸਪੁੱਤਰ-ਨੂੰਹ)
ਬੀਬੀ ਬਲਬੀਰ ਕੌਰ,ਭਾਈ ਜਸਬੀਰ ਸਿੰਘ ਬਾਹੀਆ (ਧੀ-ਜਵਾਈ)

--✶ ਜਾਰੀ ਕਰਤਾ ✶--

ਸਮੂਹ ਨਿੱਝਰ ਪਰਿਵਾਰ ਅਤੇ ਪੰਥਕ ਜਥੇਬੰਦੀਆਂ

ਸੰਪਰਕ : 9041300028, 9356060960

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ ਜੀ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਅਤੇ ਭਾਈ ਰਘਵੀਰ ਸਿੰਘ ਦੀ ਮਾਤਾ ਨਿਰੰਜਨ ਕੌਰ ਜੀ ਨਾਲ ਯਾਦਗਾਰੀ ਤਸਵੀਰ

--★ ਬੇਨਤੀ ਕਰਤਾ ★--

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ**
ਸਾਬਕਾ ਜਥੇਦਾਰ
**ਸ੍ਰੀ ਅਕਾਲ ਤਖਤ ਸਾਹਿਬ**
**ਬਾਨੀ, ਇੰਟਰਨੈਸ਼ਨਲ ਪੰਥਕ ਦਲ**

--★ ਜਾਰੀ ਕਰਤਾ ★--

**ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ**
ਮੁੱਖ ਸੰਪਾਦਕ, ਆਵਾਜਿ-ਕੌਮ ਅਖ਼ਬਾਰ ਅਤੇ ਵੈਬ ਟੀਵੀ

ਆਵਾਜ਼ਿ ਕੌਮ AWAZE QAUM
International Newspaper & WEB TV

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਕੇ ਕੁਰਬਾਨੀ ਵਾਲੇ ਸਿੰਘ ਪੰਥਕ ਸੇਵਾਦਾਰ ਭਾਈ ਪ੍ਰਗਟ ਸਿੰਘ ਨਿੱਝਰ ਜਰਮਨੀ ਰਿਬੈਰੋ ਕਾਂਡ ਦੇ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ ਜੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੀ ਮਾਤਾ ਨਿਰੰਜਨ ਕੌਰ ਜੀ ਨਾਲ ਯਾਦਗਾਰੀ ਤਸਵੀਰ

--✶ ਬੇਨਤੀ ਕਰਤਾ ✶--

**ਜਥੇਦਾਰ ਬਲਜੀਤ ਸਿੰਘ ਦਾਦੂਵਾਲ**

**ਮੈਂਬਰ**

**ਅਤੇ**

**ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ**

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ।।
ਸਚੀ ਦਰਗਹ ਜਾਇ ਸਚਾ ਪਿੜ ਮਲਿਆ ।।

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ

--✶ ਬੇਨਤੀ ਕਰਤਾ ✶--

ਭਾਈ ਸੁਰਿੰਦਰ ਸਿੰਘ ਠੀਕਰੀਵਾਲ
ਚਾਚਾ ਬਘੇਲ ਸਿੰਘ ਅਮਰੀਕਾ
ਭਾਈ ਸ਼ਮਸ਼ੇਰ ਸਿੰਘ ਭੰਗੂ
ਭਾਈ ਕਮਲਜੀਤ ਸਿੰਘ ਬੁਲਾਰਾ
ਭਾਈ ਇਕਬਾਲਪ੍ਰੀਤ ਸਿੰਘ ਯੂ ਐਸ ਏ
ਭਾਈ ਮਨਮੀਤ ਸਿੰਘ ਫਲੋਰਾਂ

ਆਵਾਜ਼ਿ ਕੌਮ AWAZE QAUM International Newspaper & WEB TV

--✶ ਜਾਰੀ ਕਰਤਾ ✶--

ਭਾਈ ਸੁਰਿੰਦਰ ਸਿੰਘ ਠੀਕਰੀਵਾਲ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ ਜੀ

## --★ ਬੇਨਤੀ ਕਰਤਾ ★--

**ਭਾਈ ਹਰਦੀਪ ਸਿੰਘ ਸ਼ੇਰਾ ( ਨਜ਼ਰਬੰਦ ਰੋਹਿਣੀ ਜੇਲ੍ਹ )**
**ਭਾਈ ਰਮਨਦੀਪ ਸਿੰਘ ਬੱਗਾ (ਨਜ਼ਰਬੰਦ ਤਿਹਾੜ ਜੇਲ੍ਹ )**
**ਭਾਈ ਸੁਰਿੰਦਰ ਸਿੰਘ ਠੀਕਰੀਵਾਲ**
**ਭਾਈ ਇਕਬਾਲਪ੍ਰੀਤ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ

ਆਵਾਜ਼ਿ ਕੌਮ AWAZE QAUM International Newspaper & WEB TV

--✶ ਬੇਨਤੀ ਕਰਤਾ ✶--

ਭਾਈ ਬਖਸੀਸ ਸਿੰਘ ਨਿਜ਼ਾਮਣੀ ਵਾਲਾ
ਭਾਈ ਬਲਬੀਰ ਸਿੰਘ ਭੂਤਨਾ
ਭਾਈ ਜੱਸਾ ਸਿੰਘ ਮਾਣਕੀ
ਭਾਈ ਸੁਰਿੰਦਰ ਸਿੰਘ ਠੀਕਰੀਵਾਲ
ਭਾਈ ਸ਼ਮਸ਼ੇਰ ਸਿੰਘ ਭੰਗੂ
ਪਲਵਿੰਦਰ ਸਿੰਘ ਸੋਨਾ
ਰਾਜਨਬੀਰ ਸਿੰਘ
ਨਿਸ਼ਾਨ ਸਿੰਘ ਢਿੱਲੋਂ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ।।
ਸਚੀ ਦਰਗਹ ਜਾਇ ਸਚਾ ਪਿੜ ਮਲਿਆ ।।

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੁਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੁ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ ਜੀ



--* ਬੇਨਤੀ ਕਰਤਾ *--

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰ. ਹਰਮੀਤ ਸਿੰਘ ਕਾਲਕਾ

ਪ੍ਰਧਾਨ

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ

ਆਵਾਜ਼ਿ ਕੌਮ AWAZE QAUM International Newspaper & WEB TV

--✶ ਬੇਨਤੀ ਕਰਤਾ ✶--



# ਭਾਈ ਮੋਹਕਮ ਸਿੰਘ

## ਦਮਦਮੀ ਟਕਸਾਲ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ ਜੀ



--★ ਬੇਨਤੀ ਕਰਤਾ ★--

ਆਵਾਜ਼ਿ ਕੌਮ AWAZE QAUM International Newspaper & WEB TV

## ਡਾ. ਮਨਜੀਤ ਸਿੰਘ ਭੋਮਾ

## ਚੇਅਰਮੈਨ

ਪੰਜਾਬ ਧਰਮ ਪ੍ਰਚਾਰ ਵਿੰਗ ਦਿੱਲੀ
ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

## ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ

--✶ ਬੇਨਤੀ ਕਰਤਾ ✶--

## ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਦੇ ਆਗੂ

ਬਾਬਾ ਪ੍ਰਦੀਪ ਸਿੰਘ ਚਾਂਦਪੁਰਾ
ਬਾਬਾ ਜੀਵਨ ਸਿੰਘ ਚੁਨਾਗਰਾ
ਬਾਬਾ ਸਤਨਾਮ ਸਿੰਘ ਸ਼ਾਹਪੁਰ ਬੇਲਾ
ਬਾਬਾ ਭਗਵੰਤ ਸਿੰਘ ਢੀਂਡਸਾ
ਬਾਬਾ ਕਰਤਾਰ ਸਿੰਘ ਤਿਲੋਕੇਵਾਲਾ
ਬਾਬਾ ਅਰਜਨ ਸਿੰਘ ਲਹਿਰੀ
ਡਾਕਟਰ ਗੁਰਮੀਤ ਸਿੰਘ ਖਾਲਸਾ ਬਰੀਵਾਲਾ
ਭਾਈ ਜਸਵਿੰਦਰ ਸਿੰਘ ਸਾਹੋਕੇ
ਭਾਈ ਬਲਵਿੰਦਰ ਸਿੰਘ ਟਹਿਣਾ
ਭਾਈ ਜਸਪਿੰਦਰ ਸਿੰਘ ਡੱਲੇਵਾਲਾ
ਭਾਈ ਗੋਰਾ ਸਿੰਘ ਐਲਨਾਬਾਦ
ਭਾਈ ਮਨਜੀਤ ਸਿੰਘ ਭਰੋਵਾਲ
ਭਾਈ ਜਸਵੰਤ ਸਿੰਘ ਸਿਉਨਾ
ਭਾਈ ਹਰਨੇਕ ਸਿੰਘ ਢੋਲਣਵਾਲ
ਭਾਈ ਗੁਰਨਾਮ ਸਿੰਘ ਢੋਲਣਵਾਲ
ਭਾਈ ਪ੍ਰੀਤਮ ਸਿੰਘ ਢੋਲਣਵਾਲ
ਭਾਈ ਹਰਪ੍ਰੀਤ ਸਿੰਘ ਬਠਿੰਡਾ
ਭਾਈ ਦਵਿੰਦਰ ਸਿੰਘ ਹਨੀ ਬਠਿੰਡਾ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

ਸਵ. ਮਾਤਾ ਨਿਰੰਜਣ ਕੌਰ ਜੀ ਨਮਿਤ

# ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਆਪ ਜੀ ਨੂੰ ਸਤਿਕਾਰ ਸਹਿਤ ਸੂਚਿਤ ਕੀਤਾ ਜਾਂਦਾ ਹੈ ਸਾਡੇ ਬਹੁਤ ਹੀ ਸਤਿਕਾਰਯੋਗ ਮਾਤਾ ਨਿਰੰਜਣ ਕੌਰ ਜੀ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਨਿੱਝਰ ਪਿੰਡ ਨਿੱਝਰਾਂ ਨੇੜੇ ਕਾਲਾ ਸੰਘਿਆ ਜਿਲਾ ਜਲੰਧਰ ਜੋ ਪਿਛਲੇ ਦਿਨੀ 26 ਫਰਵਰੀ 2024 ਨੂੰ ਵਾਹਿਗੁਰੂ ਵੱਲੋਂ ਬਖਸ਼ੇ ਸਵਾਸਾਂ ਨੂੰ ਸੰਪੂਰਨ ਕਰਕੇ ਇਸ ਫਾਨੀ ਸੰਸਾਰ ਤੋਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਕਲਗੀਧਰ ਸਾਹਿਬ ਨਿੱਝਰਾਂ ਜਿਲਾ ਜਲੰਧਰ ਵਿਖੇ 6 ਮਾਰਚ ਨੂੰ ਦੁਪਹਿਰ 1 ਵਜ਼ੇ ਹੋਵੇਗੀ, ਜਿਸ ਵਿੱਚ ਪੰਥਕ ਸ਼ਖਸ਼ੀਅਤਾਂ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



ਸਵ. ਮਾਤਾ ਨਿਰੰਜਣ ਕੌਰ ਜੀ

## --★ ਬੇਨਤੀ ਕਰਤਾ ★--

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਗੁਰਬਿੰਦਰ ਸਿੰਘ ਬਰਨਾਲਾ
ਭਾਈ ਲਖਸ਼ੇਰ ਸਿੰਘ
ਭਾਈ ਸੁਰਿੰਦਰ ਸਿੰਘ ਠੀਕਰੀਵਾਲ
ਭਾਈ ਕੁਲਵਿੰਦਰ ਸਿੰਘ ਪੱਬੀਆਂ
ਭਾਈ ਪਰਮਜੀਤ ਸਿੰਘ ਬੱਬਰ
ਭਾਈ ਰਣਬੀਰ ਸਿੰਘ ਭੰਗੂ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☚ਸ਼ੇਅਰ ਜ਼ਰੂਰੀ ਕਰਨਾ ਜੀ
☚ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ





ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਆਵਾਜ਼ਿ ਕੌਮ AWAZE QAUM International Newspaper & WEB TV

# ਸਲਾਨਾ ਜੋੜ ਮੇਲਾ

## ਕੌਮੀ ਜਰਨੈਲ ਅਤੇ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਲਾਨਾ ਜੋੜ ਮੇਲਾ 6 ਮਾਰਚ 2024 ਦਿਨ ਬੁੱਧਵਾਰ ਗੁਰਦੁਆਰਾ ਖਾਲਸਾ ਦਰਬਾਰ ਪਿੰਡ ਭੂਰਾ ਕੋਹਨਾ (ਨੇੜੇ ਖੇਮਕਰਨ) ਵਿਖੇ ਮਨਾਇਆ ਜਾ ਰਿਹਾ ਹੈ।

ਸਮੂਹ ਸੰਗਤਾਂ ਨੇ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।



**ਭਾਈ ਮਨਜੀਤ ਸਿੰਘ**
ਭ੍ਰਾਤਾ ਭਾਈ ਅਮਰੀਕ ਸਿੰਘ ਜੀ
ਮੈਂਬਰ ਐੱਸ ਜੀ ਪੀ ਸੀ

**ਭਾਈ ਤਰਲੋਚਨ ਸਿੰਘ (USA)**
ਸਪੁੱਤਰ ਭਾਈ ਅਮਰੀਕ ਸਿੰਘ ਜੀ

**ਭਾਈ ਕੰਵਰ ਚੜ੍ਹਤ ਸਿੰਘ**
ਭਤੀਜਾ ਭਾਈ ਅਮਰੀਕ ਸਿੰਘ ਜੀ
ਪ੍ਰਧਾਨ AISSF

M: 9855017747 , 9878782228


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ
ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਸਿਹਤ ਵਿਭਾਗ ਵੱਲੋਂ

# ਬੱਚਿਆਂ ਨੂੰ ਪੋਲਿਓ ਦੀਆਂ ਬੂੰਦਾਂ ਪਿਲਾਈਆਂ ਗਈਆਂ



ਧੂਰੀ (ਰਣਜੀਤ ਸਿੰਘ ਪੇਧਨੀ) ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਜੀ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਦੇ ਹੁਕਮਾਂ ਅਤੇ ਐਸ ਐਮ ਓ ਡਾਕਟਰ ਮਹੁੰਮਦ ਅਖ਼ਤਰ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਲੱਡਾਂ,ਲੱਡਾਂ ਕੋਠੀ,ਬੇਨੜਾ,ਮਾਨਵਾਲਾ,ਧੂਰਾ,ਕਿਲਾਂ ਹਕੀਮਾਂ ਵਿਖੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲਿਓ ਮੁਹਿੰਮ ਵਿੱਚ ਸਾਰੇ ਬੱਚਿਆਂ ਨੂੰ ਪੋਲਿਓ ਦੀਆਂ ਬੂੰਦਾਂ ਬੂਥ ਲਗਾਕੇ ਪਿਲਾਇਆ ਗਈਆ ਤਾਂ ਜੋ ਬੱਚਿਆਂ ਨੂੰ ਪੋਲਿਓ ਦੀ ਬਿਮਾਰੀ ਤੋਂ ਬਚਾਇਆ ਜਾ ਸਕੇ ਇਹ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਲਈ ਟੀਮਾਂ ਲਗਾਈਆਂ ਗਈਆਂ ਟੀਮ ਮੈਂਬਰ ਅਮਰੀਕ ਸਿੰਘ,ਮਨਜੀਤ ਸਿੰਘ ਮ,ਪ,ਹ,ਵ,ਗੁਰਵਿੰਦਰ ਸਿੰਘ (ਮ) ,ਰਾਜਿੰਦਰ ਕੌਰ,ਅਮਨਦੀਪ ਕੌਰ ਮ,ਪ,ਹ,ਵ (ਫ) ਅਤੇ ਸਬੰਧਿਤ ਏਰੀਏ ਦੀਆਂ ਆਸਾ ਵਰਕਰਾਂ ਹਾਜ਼ਰ ਸਨ।

## ਐਨ.ਉ.ਸੀ.ਦੀ ਮੰਗ ਖਤਮ ਕਰਨ ਸਬੰਧੀ ਮੁੱਖ ਮੰਤਰੀ ਦਾ ਐਲਾਨ ਲੋਕਾਂ ਨਾਲ ਧੋਖਾ

# ਮੁੱਖ ਮੰਤਰੀ ਦੀ ਅੰਮ੍ਰਿਤਸਰ ਫੇਰੀ ਤੇ ਜਾਰੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਪਾੜਕੇ ਕਰਾਂਗੇ ਵਿਰੋਧ-ਰਾਮਪਾਲ



ਚੌਂਕ ਮਹਿਤਾ3 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ ) ਬੀਤੇ 6 ਫਰਵਰੀ ਨੂੰ ਮੁੱਖ ਮੰਤਰੀ ਪੰਜਾਬ ਨੇ ਐਲਾਨ ਕੀਤਾ ਸੀ ਕਿ ਰਜਿਸਟਰੀ ਕਰਵਾਉਣ ਸਮੇਂ ਕਿਸੇ ਵੀ ਕਿਸਮ ਦੀ ਐਨ.ਉ.ਸੀ.ਦੀ ਮੰਗ ਨਹੀਂ ਕੀਤੀ ਜਾਵੇਗੀ। ਇਹਨਾਂ ਗੱਲਾ ਦਾ ਪ੍ਰਗਟਾਵਾ ਕਰਦੇ ਹੋਏ ਪੰਜਾਬ ਰੀਅਲ ਅਸਟੇਟ ਡੀਲਰਜ ਐਂਡ ਕਲੋਨਾਇਜਰਜ ਐਸੋਸੀਏਸ਼ਨ ਦੇ ਸੂਬਾ ਕਨਵੀਨਰ ਸੰਜੀਵ ਰਾਮਪਾਲ ਨੇ ਦੱਸਿਆ ਕਿ 24-2-24 ਨੂੰ ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਵਿੱਚ ਸਿਰਫ ਤੇ ਸਿਰਫ ਦੇਹ ਜ਼ਮੀਨਾਂ ਨੂੰ ਐਨ.ਉ.ਸੀ.ਤੋ ਮੁਕਤ ਕਰਨ ਦੀ ਗੱਲ ਕੀਤੀ ਗਈ ਹੈ ਜ਼ੋ ਕਿ ਪੰਜਾਬ ਦੇ ਆਮ ਲੋਕਾਂ ਨਾਲ ਕੋਝਾ ਮਜ਼ਾਕ ਸਾਬਿਤ ਹੋਇਆ ਹੈ ਕਿਉਂਕਿ ਮੁੱਖ ਮੰਤਰੀ ਨੇ ਆਪਣੇ ਐਲਾਨ ਵਿੱਚ ਕਿਸੇ ਵੀ ਕਿਸਮ ਦੀ ਐ.ਉ.ਸੀ.ਦੀ ਮੰਗ ਖਤਮ ਕਰਨ ਦੀ ਗੱਲ ਕੀਤੀ ਸੀ ਲੇਕਿਨ ਹੁਣ ਜਦ ਲੋਕ ਜ਼ਮੀਨ, ਪਲਾਟ,ਮਕਾਨ ਦੀ ਰਜਿਸਟਰੀ ਕਰਵਾਉਣ ਤਹਿਸੀਲ ਜਾਂਦੇ ਹਨ ਤਾਂ ਅੱਗੋਂ ਐਨ.ਉ.ਸੀ.ਦੀ ਮੰਗ ਕੀਤੀ ਜਾਂਦੀ ਹੈ ਜ਼ੋ ਅਤੇ ਲੋਕ ਬਹਿਸ ਬਾਜ਼ੀ ਵਿੱਚ ਉਲਝਦੇ ਹੋਏ ਆਪਣੇ ਆਪ ਮੁੱਖ ਮੰਤਰੀ ਦੇ ਐਲਾਨ ਦਾ ਹਵਾਲਾ ਦਿੰਦੇ ਹੋਏ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ ।ਰਾਮਪਾਲ ਨੇ ਦੱਸਿਆ ਕਿ ਕਿ ਜ਼ਮੀਨੀ ਪੱਧਰ ਤੇ ਸੱਚਾਈ ਇਹ ਹੈ ਕਿ ਨਾ ਤਾ ਐਨ.ਉ.ਸੀ.ਤੋ ਬਿਨਾਂ ਕੋਈ ਰਜਿਸਟਰੀ ਹੋ ਰਹੀ ਹੈ ਅਤੇ ਨਾ ਹੀ ਕੋਈ ਬਿਜਲੀ ਦਾ ਨਵਾਂ ਮੀਟਰ ਲੱਗ ਰਿਹਾ ਹੈ ਜਿਸ ਕਾਰਨ ਆਮ ਲੋਕਾਂ ਅਤੇ ਪ੍ਰਾਪਰਟੀ ਕਾਰੋਬਾਰ ਨਾਲ ਸਬੰਧਿਤ ਲੋਕਾਂ ਨੂੰ ਰੋਜ਼ਾਨਾ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਿਸ ਦੇ ਵਿਰੋਧ ਸਦਾ ਮੁੱਖ ਮੰਤਰੀ ਦੀ ਅਮ੍ਰਿਤਸਰ ਫੇਰੀ 3.3. ਤੇ ਸਰਕਾਰ ਦੁਆਰਾ ਜਾਰੀ 24-2-2024 ਨੋਟੀਫਿਕੇਸ਼ਨ ਦੀਆਂ ਕਾਪੀਆਂ ਪਾੜਕੇ ਡਟਵਾਂ ਵਿਰੋਧ ਕਰਦੇ ਹੋਏ ਐਲਾਨ ਮੁਤਾਬਕ ਨਵਾਂ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ ਕੀਤੀ ਜਾਵੇਗੀ। ਸਾਰੇ ਪਰੋਪਰਟੀ ਕਾਰੋਬਾਰੀ 3.3.2024 ਨੂੰ 2 ਵਜੇ ਰਤਨ ਸਿੰਘ ਚੋਕ ਪਹੁੰਚੋ ਮੁੱਖ ਮੰਤਰੀ ਦਾ ਰੋਸ ਪਰਦਰਸਨ ਕਰਨ, ਪਰੋਪਰਟੀ ਯੂਨੀਅਨ ਅਮਿੰਤਸਰ , ਰਾਮਪਾਲ ਪ੍ਰਧਾਨ ਦਲੇਰ ਸਿੰਘ ਪੰਨੂੰ, ਲਵਪ੍ਰੀਤ ਬੋਹੜੂ,, ਕੁਲਦੀਪ ਸੰਧੂ,ਮਧੂਪਾਲ ਗੋਗਾ,ਯੋਗੇਸ਼ ਖੰਨਾ,ਅਜੈ ਪੱਪੂ,ਅਜੀਤ ਸੋਹੀ,ਹੈਰੀ, ਸਰਬਜੀਤ ਧਾਮੀ,ਜਸਪਾਲ ਸਿੰਘ, ਸਰਬਜੀਤ ਸਿੰਘ,ਹਰਦੀਪ ਸਿੰਘ, ਭੁਪਿੰਦਰ ਵੇਰਕਾ, ਮਨਿੰਦਰ ਗਿੰਦੀ,ਜੈਮਲ ਸਿੰਘ, ਰਾਜਬੀਰ ਸਿੰਘ,ਪ੍ਰਦੀਪ ਦੇਵਗਨ, ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ,ਰਾਜਨ ਸਰਮਾ,ਅਸ਼ੋਕ ਸ਼ਰਮਾ, ਬਲਵਿੰਦਰ ਸਿੰਘ, ਸੱਤਪਾਲ ਸਿੰਘ, ਸੁਖਮਨਪ੍ਰੀਤ ਸਿੰਘ ਅਤੇ ਨਰਿੰਦਰ ਜੌਲੀ ਆਦਿ ਹਾਜ਼ਰ ਸਨ।

# ਗੁਰਦੁਆਰਾ ਕੋਠਾ ਸਾਹਿਬ ਜੋੜ ਮੇਲੇ ਮੌਕੇ ਲਗਾਇਆ ਲੰਗਰ

**ਚੌਂਕ ਮਹਿਤਾ, 3 ਮਾਰਚ, (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖਾਂ ਦੇ 9ਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਕੋਠਾ ਸਾਹਿਬ ਵੱਲਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੋੜ ਮੇਲਾ ਮਨਾਇਆ ਜਾ ਰਿਹਾ ਹੈ ਹੈ।6 ਫਰਵਰੀ ਤੋਂ ਸ਼ੁਰੂ ਹੋਏ ਇੱਕ ਮਹੀਨੇ ਤੋਂ ਵੱਧ ਸਮੇਂ ਤੱਕ ਚੱਲਣ ਵਾਲੇ ਇਸ ਮੇਲੇ ਵਿੱਚ ਦੇਸ਼ ਭਰ ਅਤੇ ਆਸ-ਪਾਸ ਦੇ ਪਿੰਡਾਂ ਤੋਂ ਲੱਖਾਂ ਲੋਕ ਮੱਥਾ ਟੇਕਣ ਲਈ ਆਉਂਦੇ ਹਨ। ਮੇਲੇ ਵਿੱਚ ਆਈ ਸੰਗਤ ਲਈ ਵੱਖ-ਵੱਖ ਪ੍ਰਕਾਰ ਦੇ ਸੇਵਾਦਾਰਾਂ ਵੱਲੋਂ ਵੱਡੇ ਪੱਧਰ ਤੇ ਲੰਗਰ ਲਗਾਏ ਜਾਂਦੇ ਹਨ। ਸਮਾਜ ਸੇਵਕ ਹਰਵਿੰਦਰ ਸਿੰਘ ਧੂਲਕਾ ਦੀ ਅਗਵਾਈ ਲਗਾਏ ਗਏ ਨਿਊਟਰੀ ਬੈਡ ਦੇ ਲੰਗਰ ਦੀ ਪਿੰਡ ਦੇ ਨੌਜਵਾਨ ਤੇ ਹੋਰ ਪਤਵੰਤੇ ਸੱਜਣਾ ਨੇ ਵੱਧ ਚੜ ਕੇ ਸੇਵਾ ਕੀਤੀ ਇਸ ਮੌਕੇ ਹਰਵਿੰਦਰ ਸਿੰਘ ਧੂਲਕਾ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਿੰਡ ਤੇ



ਬਹੁਤ ਹੀ ਅਪਾਰ ਕਿਰਪਾ ਹੈ ਤੇ ਪਿੰਡ ਦੇ ਲੋਕਾਂ ਦੀ ਸੇਵਾ ਭਾਵਨਾ ਤੋਂ ਖੁਸ਼ ਹੋ ਕੇ ਗੁਰੂ ਜੀ ਨੇ ਮਾਈਆਂ ਰੱਬ ਰਜਾਈਆਂ ਤੇ ਵੱਲਾ ਗੁਰੂ ਦਾ ਗੱਲਾ ਵਰ ਦਿੱਤਾ ਜੋ ਸਮੇਂ ਮੁਤਾਬਿਕ ਪੂਰਾ ਹੋਇਆ ਹੈ ਤੇ ਅੱਜ ਵੀ ਉਹਨਾਂ ਦੀ ਕਿਰਪਾ ਨਾਲ ਪਿੰਡ ਖੁਸ਼ਹਾਲ ਵੱਸ ਰਿਹਾ ਹੈ ਤੇ ਕਦੇ ਵੀ ਕਿਸੇ ਪ੍ਰਕਾਰ ਦੀ ਕੋਈ ਬਿਪਤਾ ਪਿੰਡ ਦੇ ਲੋਕਾਂ ਤੇ ਨਹੀਂ ਆਈ।ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਯਾਦ ਵਿੱਚ ਬਣੇ ਗੁਰਦੁਆਰਾ ਕੋਠਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

# ਅੰਮ੍ਰਿਤ ਬਰਾੜ ਨੇ ਪਿੰਡ ਘਨੌਰੀ ਕਲਾਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪਿੰਡ ਘਨੌਰੀ ਕਲਾਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਅੰਮ੍ਰਿਤ ਬਰਾੜ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅੰਮ੍ਰਿਤ ਬਰਾੜ ਨੇ ਕਿਹਾ ਕਿ ਇਸ ਕਲੀਨਿਕ ਵਿੱਚ 41 ਤਰ੍ਹਾਂ ਦੇ ਟੈਸਟ ਫਰੀ ਹੋਣਗੇ,ਹਰ ਤਰ੍ਹਾਂ ਦੀ ਦਵਾਈ ਵੀ ਫਰੀ ਹੋਵੇਗੀ ਅਤੇ ਕੋਈ ਪਰਚੀ ਫੀਸ ਵੀ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦਾ ਬਹੁਤ ਵਧੀਆ ਉਪਰਾਲਾ ਹੈ ਜਿਸ ਦੀ ਹਰ ਪਾਸੇ ਸਲਾਂਘਾ ਹੋ ਰਹੀ ਹੈ। ਇਸ ਮੌਕੇ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਸ੍ਰ ਗੁਰਮੇਲ ਸਿੰਘ ਚਹਿਲ ਪ੍ਰਧਾਨ ਆਮ ਆਦਮੀ ਪਾਰਟੀ ਇਕਾਈ ਘਨੌਰੀ ਕਲਾਂ,ਕਿਸਾਨ ਆਗੂ ਜੁਗਰਾਜ ਸਿੰਘ ਧਾਲੀਵਾਲ,ਯੂਥ ਆਗੂ ਚਰਨਜੀਤ ਸਿੰਘ ਕਾਲੋ,ਨੱਥਾ ਸਿੰਘ ਚਹਿਲ, ਗੁਰਤੇਜ ਸਿੰਘ ਚਹਿਲ, ਜਥੇਦਾਰ ਅਜਮੇਰ ਸਿੰਘ, ਸਾਬਕਾ ਪੰਚ ਪ੍ਰਗਟ ਸਿੰਘ, ਸਰਪੰਚ ਸੁਖਪਾਲ ਸਿੰਘ ਚਹਿਲ, ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ, ਬਲਾਕ ਪ੍ਰਧਾਨ ਜਸਵਿੰਦਰ ਸਿੰਘ ਘਨੌਰ, ਬਲਾਕ ਪ੍ਰਧਾਨ ਸੁਖਦੇਵ ਸਿੰਘ ਬਮਾਲ, ਬਲਾਕ ਪ੍ਰਧਾਨ ਗੁਰਤੇਜ ਸਿੰਘ ਤੇਜੀ, ਸਮੁੱਚੀ ਇਕਾਈ ਘਨੌਰੀ ਕਲਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਇਸ ਸਮੇਂ ਸਮੁੱਚੀ ਇਕਾਈ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ,ਪ੍ਰੋ ਓਂਕਾਰ ਸਿੰਘ ਸਿੱਧੂ ਓ ਐਸ ਡੀ ਮੁੱਖ ਮੰਤਰੀ ਪੰਜਾਬ,ਸ੍ਰ ਅੰਮ੍ਰਿਤਪਾਲ ਸਿੰਘ ਬਰਾੜ ਇੰਚਾਰਜ ਮੁੱਖ ਮੰਤਰੀ ਦਫ਼ਤਰ ਧੂਰੀ, ਚੇਅਰਮੈਨ ਸ੍ਰ ਸਤਿੰਦਰ ਸਿੰਘ ਚੱਠਾ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਅਮੀਰ ਸਿੰਘ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਗਿਆ।

# ਸਰਕਾਰਾਂ ਬੇਇਮਾਨ ਹਨ ਤੇ ਸਿਰਫ ਨੋਟਾਂ ਜਾਂ ਵੋਟਾਂ ਨਾਲ ਢਿੱਡ ਭਰਦੀਆਂ, ਦੇਸ਼ ਹਿਤ ਨਾਲ ਨਹੀਂ: ਡਾ ਦਲੇਰ ਸਿੰਘ ਮੁਲਤਾਨੀ

**ਚੌਂਕ ਮਹਿਤਾ,3 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕਿਉਂ ਹੁੰਦੀ ਸਕੂਲ ਦੀ ਜ਼ਰੂਰਤ ? ਅੱਜ ਕੱਲ ਜਿਸ ਤਰਾਂ ਲੋਕ ਸ਼ੋਸ਼ਲ ਮੀਡੀਆ ਨੂੰ ਵਰਤ ਕੇ ਵਿਦਵਾਨ ਬਣ ਰਹੇ ਉਹ ਉਸੇ ਤਰਾਂ ਜਿਵੇਂ ਸਕੂਲ ਜਾਏ ਬਗੈਰ ਹੀ ਪੀ ਐਚ ਡੀ ਕਰ ਲਈ। ਪਰ ਇਹ ਸਚਾਈ ਨਹੀਂ ਕਿਉਂਕਿ ਸਿੱਖਿਆ ਦਾ ਗਿਆਨ ਟੀਚਰ ਬਗੈਰ ਨਹੀ ਤੇ ਪੜਾਈ ਦਾ ਮਿਆਰ ਪ੍ਰੀਖਿਆ ਬਗੈਰ ਨਹੀਂ ਸੋਸ਼ਲ ਮੀਡੀਆ ਤੇ ਆਮ ਦੇਖਿਆ ਜਾ ਰਿਹਾ ਕਿ ਬਹੁਤ ਸਾਰੀਆਂ ਪੋਸਟਾਂ ਬਿਨਾ ਕਿਸੇ ਸਿਰ ਪੈਰ ਫਾਰਵਰਡ ਕਰ ਦਿੱਤੀਆਂ ਜਾਂਦੀਆਂ ਤੇ ਲੋਕਾਂ ਦੇ ਮਨਾਂ ਵਿਚ ਭੰਬਲਭੂਸੇ ਪਾ ਦਿੱਤੇ ਜਾਂਦੇ ਜੋ ਇਕ ਦੂਸਰੇ ਨਾਲ ਸਿਰਫ ਬਹਿਸ ਅਤੇ ਰਿਸ਼ਤੇ ਵਿਗੜਣ ਤੱਕ ਹੀ ਸੀਮਤ ਨਹੀਂ ਸਗੋਂ ਲੋਕਾਂ ਨੂੰ ਗਲਤ ਧਾਰਨਾਵਾਂ ਦਾ ਸ਼ਿਕਾਰ ਬਣਾ ਦਿੰਦੀਆਂ। ਹੈਰਾਨੀ ਵਾਲੀ ਗੱਲ ਕਿ ਜਦੋਂ ਕਿਸੇ ਨੇਤਾ ਮੰਤਰੀ ਆਦਿ ਦੇ ਗਲਤ ਕੰਮਾਂ ਬਾਰੇ ਕੁਝ ਸੱਚ ਲਿਖਿਆ / ਬੋਲਿਆ ਜਾਂਦਾ ਜਾਂ ਕੋਈ ਧਰਮ ਜਾਤ ਬਾਰੇ ਕੁਮੈਂਟ ਲਿਖੋ ਤਾਂ ਸਰਕਾਰ ਝੱਟ ਪਰਚਾ ਦਰਜ ਕਰਦੀ । ਪਰ ਜਦੋਂ ਸਰਕਾਰ ਨੂੰ ਕੁਝ ਸੁਝਾਅ ਦਿੱਤੇ ਜਾਂਦੇ ਤਾਂ ਸਰਕਾਰ ਦੇ ਅੱਖ ਕੰਨ ਤੇ ਜ਼ੁਬਾਨ ਬੰਦ ਹੋ ਜਾਂਦੇ ਕਿਉਂਕਿ ਸਰਕਾਰਾਂ ਬੇਈਮਾਨ ਹਨ ਤੇ ਸਿਰਫ ਨੋਟਾਂ ਜਾਂ ਵੋਟਾਂ ਨਾਲ ਢਿੱਡ ਭਰਦੀਆਂ , ਦੇਸ਼ ਹਿਤ ਨਾਲ ਨਹੀਂ। ਇੱਕ ਹੋਰ ਨਵਾਂ ਟਰੈਂਡ ਚੱਲ ਪਿਆ ਕਿ ਬਹੁਤ ਸਾਰੇ ਵੱਡੇ ਛੋਟੇ ਚੈਨਲ / ਯੂ ਟਿਊਬਰ ਇਸ ਤਰਾਂ ਦੇ ਵਿਵਾਦ ਵਾਲੇ ਮੁੱਦੇ ਉਠਾਂਦੇ ਜਾਂ ਝੂਠ ਜਾਂ ਫਿਰ ਸਿਰ ਫਿਰੇ ਲੋਕ ਵਿਖਾਉਂਦੇ ਤੇ ਅਪਣੀ ਟੀ ਆਰ ਪੀ / ਵਿਊਜ ਵਧਾ ਕੇ ਪੈਸੇ ਕਮਾਉਂਦੇ ਤੇ ਕਹਿ ਰਹੇ ਹੁੰਦੇ ਬਰੇਕਿੰਗ ਨਿਊਜ/ ਵੱਡੀ ਨਿਊਜ / ਧਮਾਕਾ ਪਰ ਜਦੋ ਸੁਣਿਆ / ਦੇਖਿਆ ਜਾਂਦਾ ਤਾਂ ਵਿੱਚੋਂ "ਪੁੱਟਿਆ ਪਹਾੜ ਤੇ ਨਿਕਲਿਆ ਚੂਹੇ ਵਾਲੀ ਗੱਲ ਹੁੰਦੀ ਹੈ ।।




# 7 ਮਾਰਚ ਤੋਂ ਸ਼ੁਰੂ ਹੋਣ ਜਾ ਰਿਹਾ ਹੈ ਖੇਡ ਮੇਲਾ 'ਖੇਡਾਂ ਉਦੋਨੰਗਲ ਦੀਆਂ'

## ਕੈਬਨਿਟ ਮੰਤਰੀ ਈ.ਟੀ.ਓ. ਹੋਣਗੇ ਮੁੱਖ ਮਹਿਮਾਨ ਤੇ ਸੰਤ ਬਾਬਾ ਸੱਜਣ ਸਿੰਘ ਕਰਨਗੇ ਖੇਡ ਮੇਲੇ ਦਾ ਉਦਘਾਟਨ

ਚੌਂਕ ਮਹਿਤਾ,03ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-ਮਾਝੇ ਇਲਾਕੇ ਦਾ ਸਿਰਮੌਰ ਤੇ ਨਾਮੀ ਖੇਡ ਮੇਲਾ 'ਖੇਡਾਂ ਉਦੋਨੰਗਲ ਦੀਆ' ਇਸ ਵਾਰ 7 ਮਾਰਚ ਤੋਂ ਸ਼ੁਰੂ ਹੋਣ ਜਾ ਰਿਹਾ ਹੈ,ਜਿਸਦੀ ਸਮਾਪਤੀ 10 ਮਾਰਚ ਨੂੰ ਸੱਭਿਆਚਾਰਕ ਮੇਲੇ ਦੇ ਨਾਲ ਹੋਵੇਗੀ।ਦਰਸ਼ਕਾਂ 'ਚ ਇਸ ਖੇਡ ਮੇਲੇ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਰੰਧਾਵਾ ਸਪੋਰਟਸ ਐਂਡ ਕਲਚਰਲ ਕਲੱਬ ਉਦੋਨੰਗਲ ਵੱਲੋਂ ਐੱਨ.ਆਰ.ਵੀਰਾਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਬਰੇਵ ਕੈਪਟਨ ਮਨਜਿੰਦਰ ਸਿੰਘ ਭਿੰਡਰ ਸਟੇਡੀਅਮ ਉਦੋਨੰਗਲ ਵਿਖੇ ਕਰਾਇਆ ਜਾਂਦਾ ਇਸ ਖੇਡ ਮੇਲੇ ਦਾ ਸ਼ੁੱਭ ਆਰੰਭ 7 ਮਾਰਚ ਨੂੰ ਹੋਵੇਗਾ,ਜਿਸਦਾ ਉਦਘਾਟਨ ਇਤਿਹਾਸਕ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੁੱਖ ਸੇਵਾਦਾਰ ਸੰਤ ਮਹਾਂਪੁਰਸ਼ ਬਾਬਾ ਸੱਜਣ ਸਿੰਘ ਆਪਣੇ ਕਰ ਕਮਲ਼ਾਂ ਨਾਲ ਕਰਨਗੇ।ਪੰਜਾਬ ਦੇ ਕੈਬਨਿਟ ਮੰਤਰੀ ਤੇ ਹਲਕਾ ਵਿਧਾਇਕ ਹਰਭਜਨ ਸਿੰਘ ਈ.ਟੀ.ਓ. ਇਸ ਖੇਡ ਮੇਲੇ ਦੇ ਮੁੱਖ ਮਹਿਮਾਨ ਹੋਣਗੇ,ਜਿੰਨ੍ਹਾਂ ਦੇ ਨਾਲ ਹੋਰ ਵੀ ਬਹੁਤ ਸਾਰੀਆਂ ਧਾਰਮਿਕ ,ਸਮਾਜਿਕ ਤੇ ਰਾਜਨੀਤਿਕ ਸ਼ਖਸੀਅਤਾਂ ਹਾਜ਼ਰੀ ਭਰਨਗੀਆਂ।ਕਲੱਬ ਵੱਲੋਂ ਆਤਮਬੀਰ ਸਿੰਘ ਰੰਧਾਵਾ ਤੇ ਰਘਬੀਰ ਸਿੰਘ ਛੋਟਾ ਇਟਲੀ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਪਹਿਲੇ ਤਿੰਨ ਦਿਨ 7-8-9 ਮਾਰਚ ਨੂੰ ਹਾਕੀ ਓਪਨ-ਹਾਕੀ ਜੂਨੀਅਰ ਤੇ ਫੁੱਟਬਾਲ ਓਪਨ ਦੇ ਮੁਕਾਬਲੇ ਕਰਵਾਏ ਜਾਣਗੇ,ਉਪਰੰਤ ਆਖਰੀ ਦਿਨ 10 ਮਾਰਚ ਨੂੰ ਫਾਈਨਲ ਦੇ ਮੁਕਾਬਲੇ ਤੇ ਕਬੱਡੀ ਕੱਪ ਹੋਵੇਗਾ।ਕੱਬਡੀ ਕੱਪ ਦੌਰਾਨ ਨਾਮੀ ਖੇਡ ਕਲੱਬਾਂ ਦੇ ਫਸਵੇਂ ਮੈਚ ਹੋਣਗੇ ਤੇ ਲੱਖਾਂ ਦੇ ਇਨਾਮ ਦਿੱਤੇ ਜਾਣਗੇ।ਬਾਅਦ ਦੁਪਹਿਰ ਸੱਭਿਆਚਾਰਕ ਮੇਲਾ ਕਰਵਾਇਆ ਜਾ ਰਿਹਾ ਹੈ,ਜਿਸ ਵਿੱਚ ਪੰਜਾਬ ਦੇ ਨਾਮੀ ਕਲਾਕਾਰ ਗੁਰਨਾਮ ਭੁੱਲਰ ਤੇ ਅਮਨ ਰੋਜ਼ੀ ਖੁੱਲ੍ਹੇ ਅਖਾੜੇ 'ਚ ਆਪਣੀ ਗਾਇਕੀ ਦੇ ਜਲਵੇ ਦਿਖਾਉਣਗੇ।ਉਨ੍ਹਾਂ ਨੇ ਕਿਹਾ ਕਿ ਇਸ ਖੇਡ ਮੇਲੇ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ



# KATHA PROGRAMME




ਆਵਾਜ਼ਿ ਕੌਮ
AWAZE QAUM
International Newspaper & WEB TV



4-10 MAR
7:30-8:15 PM
ਸੰਤ ਬਾਬਾ ਬੇਅੰਤ ਸਿੰਘ ਜੀ
ਬੇਰ ਕਲਾਂ ਵਾਲੇ

NANAKSAR THATH ISHER DARBAR
WOLVERHAMPTON

---

ਪੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi


ਗਤਕਾ ਸਿੱਖੋ Learn Gatka

www.damdamitaksal.net

---

ਸਾਬਤ ਸੂਰਤਿ ਦਸਤਾਰ ਸਿਰਾ

## ਦਸਤਾਰਾਂ ਹੀ ਦਸਤਾਰਾਂ



## ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✦ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

---

# ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com

Call us now for a Free no-olbigation quote

## ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਵੱਲੋਂ

# 35 ਪ੍ਰਾਣੀਆਂ ਨੂੰ ਅਕਾਲ ਤਖ਼ਤ ਤੇ ਅੰਮ੍ਰਿਤਪਾਨ ਕਰਵਾਇਆਂ ਗਿਆ: ਚੇਅਰਮੈਨ ਮਨਜੀਤ ਸਿੰਘ ਭੋਮਾ



**ਨਵੀਂ ਦਿੱਲੀ, 3 ਮਾਰਚ (ਆਵਾਜ਼ਿ ਕੌਮ ਬਿਊਰੋ)**- ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਵੱਲੋ 35 ਪ੍ਰਰਾਣੀਆਂ ਨੂੰ ਅਕਾਲ ਤਖ਼ਤ ਸਾਹਿਬ ਤੋਂ ਅੰਮ੍ਰਿਤ ਛਕਾਇਆ ਗਿਆ। ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਰਨਲ ਸਕੱਤਰ ਜਗਦੀਪ ਸਿੰਘ ਕਾਹਲੋ ਦੇ ਯੋਗ ਅਗਵਾਈ ਵਿੱਚ ਪੰਜਾਬ ਚੱਲ ਰਹੀ ਧਰਮ ਪ੍ਰਚਾਰ ਕਮੇਟੀ ਪੰਜਾਬ ਵਲੋਂ ਪਿੰਡ ਪਿੰਡ ਘਰ ਘਰ ਜਾ ਕੇ ਧਰਮ ਜਾਗਰੂਕਤਾ ਲਹਿਰ ਦੇ ਵਿਸ਼ੇਸ਼ ਉਪਰਾਲੇ ਸਦਕਾ ਚੇਅਰਮੈਨ ਮਨਜੀਤ ਸਿੰਘ ਭੋਮਾ ਦੀ ਪ੍ਰੇਨਾ ਤੋਂ ਪ੍ਰਭਾਵਿਤ ਹੋ ਕੇ ਅੱਜ 35 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ ।ਭੋਮਾ ਨੇ ਦੱਸਿਆ ਕਿ ਅਸੀਂ ਸਿੱਖ ਪ੍ਰਚਾਰਕਾਂ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਪਿੰਡ ਪਿੰਡ ਜਾ ਕੇ ਜਿੱਥੇ ਸਿੱਖੀ ਦਾ ਪ੍ਰਚਾਰ ਅਤੇ ਪ੍ਰਸਾਰ ਕਰ ਰਹੇ ਹਾਂ ਉਸ ਦੇ ਨਾਲ ਨਾਲ ਅਸੀਂ " ਨਸ਼ਾ ਛੁਡਾਉ ਪੁੱਤ ਬਚਾਉ " ਲਹਿਰ ਅਧੀਨ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰ ਰਹੇ ਹਾਂ। ਉਹਨਾਂ ਕਿਹਾ ਕਿ ਸਾਡੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਵੱਲੋਂ 03 ਅਗਸਤ 2022 ਨੂੰ ਪੰਜਾਬ ਦੇ ਵਿੱਚ ਹੋ ਰਹੇ ਧਰਮ ਪਰਿਵਰਤਨ ਬਾਰੇ ਚਿੰਤਾ ਪ੍ਰਗਟ ਕਰਦਿਆਂ ਇਸ ਨੂੰ ਠੱਲ ਪਾਉਣ ਲਈ ਧਰਮ ਪ੍ਰਚਾਰ ਕਮੇਟੀ ਪੰਜਾਬ ਦਾ ਗਠਨ ਕੀਤਾ ਗਿਆ ਸੀ ।ਜਿਸ ਦੇ ਉਪਰਾਲੇ ਸਦਕਾ ਅਸੀਂ 800 ਤੋਂ ਵੱਧ ਪਰਿਵਾਰ ਜੋ ਕ੍ਰਿਸਚਨ ਬਣ ਚੁੱਕੇ ਸਨ ਉਹਨਾਂ ਦੀ ਆਪਣੇ ਧਰਮ ਵਿੱਚ ਵਾਪਸੀ ਕਰਵਾਈ ਹੈ। ਇਸ ਤੋਂ ਇਲਾਵਾ ਅਸੀਂ ਪੰਜਾਬ ਦੇ ਅਟਾਰੀ ਹਲਕੇ ਅਤੇ ਅੰਮ੍ਰਿਤਸਰ ਦੇ ਹਰ ਸਕੂਲ ਵਿੱਚ ਨਸ਼ਿਆਂ ਵਿਰੁੱਧ ਸੈਮੀਨਾਰ ਕੀਤੇ ਅਤੇ ਬੱਚਿਆਂ ਨੂੰ ਨਸ਼ਿਆ ਕਾਰਨ ਹੋ ਰਹੀਆਂ ਮੌਤਾਂ ਅਤੇ ਆਰਥਿਕ ਨੁਕਸਾਨ ਬਾਰੇ ਜਾਣੂ ਕਰਵਾਇਆ। ਅੱਜ ਫਿਰ ਸਾਡੀ ਧਰਮ ਪ੍ਰਚਾਰ ਕਮੇਟੀ ਪੰਜਾਬ ਵੱਲੋਂ 35 ਪ੍ਰਰਾਣੀਆਂ ਨੂੰ ਅੰਮ੍ਰਿਤ ਛਕਾਇਆ ਗਿਆ ਹੈ। ਇਸ ਤੋਂ ਪਹਿਲਾਂ ਵੀ ਕਈ ਗਰੁੱਪਾਂ ਵਿਚ ਸਿੱਖ ਨੌਜਵਾਨ ਬੱਚੇ ਬੱਚੀਆਂ ਨੂੰ ਅੰਮ੍ਰਿਤ ਪਾਨ ਕਰਵਾਇਆਂ ਗਿਆ ਹੈ ।ਜਿਸ ਨੂੰ ਅਸੀਂ ਇੱਕ ਵੱਡੀ ਸਫਲਤਾ ਮੰਨਦੇ ਹਾਂ।ਉਹਨਾ ਕਿਹਾ ਕਿ ਮੈਂ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕਰਦਾ ਹਾਂ ਕਿ ਆਪਣੇ ਆਪਣੇ ਧਰਮ ਵਿੱਚ ਪੱਕੇ ਰਹੀਏ ਅਤੇ ਆਪਣੀ ਪਹਿਚਾਣ ਨੂੰ ਨਾ ਗਵਾਈਏ ।ਹਰ ਸਿੱਖ ਬੱਚਾ ਅਤੇ ਨੌਜਵਾਨ ਕੇਸਾਧਾਰੀ ਅਤੇ ਸਾਬਤ ਸੂਰਤ ਬੱਚਾ ਤੇ ਨੌਜਵਾਨ ਦਸਤਾਰ ਸਜਾਵੇ ।ਜਿਨਾਂ ਨੇ ਅਜੇ ਤੱਕ ਖੰਡੇ ਬਾਟੇ ਦੀ ਪਾਹੁਲ ਨਹੀਂ ਛੱਕੀ ਉਹ ਵੀ ਜਲਦੀ ਤੋਂ ਜਲਦੀ ਅੰਮ੍ਰਿਤ ਛੱਕ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਾਬਕਾ ਸੈਨਿਕਾਂ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ

# ਸਾਬਕਾ ਸੈਨਿਕ ਦਿੱਲੀ ਦੇ ਜੰਤਰ—ਮੰਤਰ ਵਿਖੇ ਪ੍ਰਦਰਸ਼ਨ ਲਈ ਹੋਏ ਰਵਾਨਾ




ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਸਾਬਕਾ ਸੈਨਿਕ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦੀ ਆ ਰਹੀ ਸਾਬਕਾ ਸੈਨਿਕ ਸੰਘਰਸ਼ ਕਮੇਟੀ ਫ਼ਿਰੋਜ਼ਪੁਰ ਵੱਲੋਂ ਜਿਥੇ ਲੰਬਾ ਸਮੇਂ ਤੋਂ ਦਿੱਲੀ ਦੇ ਜੰਤਰ—ਮੰਤਰ ਵਿਖੇ ਚੱਲ ਰਹੇ ਰੋਹ ਪ੍ਰਦਰਸ਼ਨ ਵਿਚ ਯੋਗਦਾਨ ਪਾਇਆ ਜਾ ਰਿਹਾ ਹੈ, ਉਥੇ ਅੱਜ ਵੱਡੀ ਤਦਾਦ ਸਾਬਕਾ ਸੈਨਿਕ ਦਿੱਲੀ ਲਈ ਰਵਾਨਾ ਹੋਏ। ਇਸ ਜਥੇ ਦੀ ਅਗਵਾਈ ਚੇਅਰਮੈਨ ਸੂੂਬੇਦਾਰ ਚਰਨ ਸਿੰਘ ਕੀਰਤੀ ਚੱਕਰ ਅਤੇ ਜ਼ਿਲ੍ਹਾ ਪ੍ਰਧਾਨ ਕੈਪਟਨ ਜਰਨੈਨ ਸਿੰਘ ਵੱਲੋਂ ਕੀਤੀ ਗਈ।ਆਗੂਆਂ ਨੇ ਕਿਹਾ ਕਿ ਉਨ੍ਹਾਂ ਦਾ ਜਥਾ ਅੱਜ ਦਿੱਲੀ ਲਈ ਆਪਣੀਆਂ ਹੱਕੀ ਮੰਗਾਂ ਦੀ ਪ੍ਰਵਾਨਗੀ ਲਈ ਰਵਾਨਾ ਹੋ ਰਿਹਾ ਹੈ ਅਤੇ ਇਹ ਜਥੇ ਦਿੱਲੀ ਦੇ ਜੰਤਰ—ਮੰਤਰ ਵਿਖੇ ਚੱਲ ਰਹੇ ਸੰਘਰਸ਼ ਦੀ ਨਵੀਂ ਰੂਪ—ਰੇਖਾ ਉਲੀਕੇਗਾ, ਜਿਸ ਨਾਲ ਸਰਕਾਰ ਨੂੰ ਸਾਬਕਾ ਸੈਨਿਕਾਂ ਦੀਆਂ ਮੰਗਾਂ ਵੱਲ ਧਿਆਨ ਦੇਣਾ ਪਵੇਗਾ।ਉਨ੍ਹਾਂ ਕਿਹਾ ਕਿ 20 ਫਰਵਰੀ ਤੋਂ ਸਾਬਕਾ ਸੈਨਿਕਾਂ ਵੱਲੋਂ ਜੰਤਰ ਮੰਤਰ ਵਿਖੇ ਅਣਮਿਥੇ ਸਮੇਂ ਦਾ ਆਪਣੀਆਂ ਹੱਕਾਂ ਵਾਸਤੇ ਸੰਕੇਤਕ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਦੇ ਚਲਦਿਆਂ ਪਹਿਲਾਂ ਤਹਿਸੀਲ ਪੱਧਰ ਅਤੇ ਜ਼ਿਲ੍ਹਾ ਪੱਧਰ ਤੇ ਮੀਟਿੰਗਾਂ ਕਰਕੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਵਿਧਾਇਕ, ਮੈਂਬਰ ਪਾਰਲੀਮੈਂਟ, ਮੰਤਰੀ ਸਾਹਿਬਾਨ ਨੂੰ ਮਿਲ ਕੇ ਮੰਗ ਪੱਤਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਦੀ ਮੰਗ ਸਾਬਕਾ ਸੈਨਿਕਾਂ ਦੀਆਂ ਮੰਗਾਂ ਨੂੰ ਵਿਚਾਰਨਾ ਅਤੇ ਉਸ ਉਪਰ ਨਿਰਣਾ ਕਰਵਾਉਣਾ ਹੈ, ਜਿਸ ਲਈ ਉਹ ਲਗਾਤਾਰ ਸਰਕਾਰ ਤੋਂ ਸੁਪਰੀਮ ਕੋਰਟ ਦੇ ਰਿਟਾਇਰਡ ਜੱਜਾਂ ਦਾ ਇਕ ਪੈਨਲ ਬਣਾਉਣ ਦੀ ਮੰਗ ਕਰਦੇ ਆ ਰਹੇ ਹਨ ਤਾਂ ਜ਼ੋ ਇਹ ਜੱਜ ਆਪਣਾ ਨਿਰਣਾ ਤਿੰਨ ਮਹੀਨਿਆਂ ਦੇ ਅੰਦਰ—ਅੰਦਰ ਦੇਣ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀ ਦੇਸ਼ ਦੇ ਸਾਬਕਾ ਸੈਨਿਕਾਂ ਪ੍ਰਤੀ ਮਾਰੂ ਨੀਤੀ ਤੋਂ ਦੇਸ਼ ਭਰ ਦੇ ਸਾਬਕਾ ਸੈਨਿਕਾਂ ਅੰਦਰ ਰੋਹ ਭਰ ਰਹੀ ਹੈ, ਜਿਸ ਕਰਕੇ ਸਾਬਕਾ ਸੈਨਿਕ ਸੰਘਰਸ਼ ਕਮੇਟੀ ਵੱਲੋਂ ਰੇਲ ਰੋਕੋ ਅੰਦੋਲਨ ਅਤੇ ਕਾਲਾ ਦਿਵਸ ਮਨਾਉਣ ਦਾ ਨਿਰਣਾ ਲਿਆ ਗਿਆ ਹੈ। ਇਸ ਮੌਕੇ ਕੈਪਟਨ ਲਖਵਿੰਦਰ ਸਿੰਘ, ਕੈਪਟਨ ਸੁਰਜੀਤ ਸਿੰਘ, ਕੈਪਟਨ ਬਖਸੀਸ਼ ਸਿੰਘ ਸੌ.ਰਿਆ ਚੱਕਰ, ਸੂਬੇਦਾਰ ਗੁਲਾਬ ਸਿੰਘ, ਸੂਬੇਦਾਰ ਸਰਵਨ ਸਿੰਘ, ਸੂਬੇਦਾਰ ਮਹਿਲ ਸਿੰਘ, ਹੌਲਦਾਰ ਜਗਦੇਵ ਸਿੰਘ, ਮਨਮੋਹਨ ਸਿੰਘ, ਦਵਿੰਦਰ ਸਿੰਘ, ਜਬਰ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਾਬਕਾ ਸੈਨਿਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸਾਖੀ ਤੇ 13 ਅਪ੍ਰੈਲ ਨੂੰ ਪਾਕਿ ਜਾਵੇਗਾ ਤੇ 22 ਨੂੰ ਵਾਪਸ ਭਾਰਤ ਆਵੇਗਾ—ਭੁੱਲਰ

ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਬਣੇ ਪ੍ਰਧਾਨ ਰਮੇਸ਼ ਸਿੰਘ ਅਰੋੜਾ ਅਤੇ ਜਰਨਲ ਸਕੱਤਰ ਬੀਬੀ ਸਤਵੰਤ ਕੌਰ ਨੂੰ ਵਧਾਈ ਭੇਜਦੇ ਹੋਏ ਆਖਿਆ ਕਿ ਸਿੱਖ ਜਥਿਆਂ ਨੂੰ ਟਰੇਨ ਉਪਰ ਭੇਜਿਆ ਜਾਵੇ, ਪਾਕਿ ਗੁਰਦੁਆਰਾ ਕਮੇਟੀ ਨੇ ਵਿਸਾਖੀ ਮੌਕੇ ਪਾਕਿ ਜਾਣ ਵਾਲੇ ਜਥੇ ਬਾਰੇ ਦੱਸਦੇ ਹੋਏ ਆਖਿਆ ਕਿ ਵਿਸਾਖੀ ਵਾਲਾ ਜਥਾ 13 ਅਪ੍ਰੈਲ ਨੂੰ ਵਾਹਗਾ ਦੇ ਰਸਤੇ ਪਾਕਿ ਜਾਵੇਗਾ ਅਤੇ ਵਾਪਸ ਭਾਰਤ ਆਵੇਗਾ। ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਜਥਾ ਸਿੱਧਾ ਪੰਜਾ ਸਾਹਿਬ ਜਾਵੇਗਾ, ਵਿਸਾਖੀ ਦਿਹਾੜਾ ਮਨਾ ਕੇ ਉਥੋਂ ਸਿੱਧਾ ਨਨਕਾਣਾ ਸਾਹਿਬ ਤੋਂ ਸੱਚਾ ਸੌਦਾ ਤੋਂ ਸਿੱਧਾ ਕਰਤਾਰਪੁਰ ਸਾਹਿਬ ਤੋਂ ਰੋੜੀ ਸਾਹਿਬ, ਰੋੜੀ ਸਾਹਿਬ ਤੋਂ ਸਿੱਧਾ ਲਾਹੌਰ, ਡੇਹਰਾ ਸਾਹਿਬ ਇਥੋਂ ਵਾਪਸ ਭਾਰਤ ਆਵੇਗਾ। ਸ੍ਰੀ ਭੁੱਲਰ ਨੇ ਆਖਿਆ ਕਿ ਅਸੀਂ ਪ੍ਰਧਾਨ ਮੰਤਰੀ ਨੂੰ ਅਪੀਲ ਕਰਦੇ ਹਾਂ ਕਿ ਉਹ ਕਲੰਡਰ ਡਾਇਰੀਆਂ ਛਾਪ ਕੇ ਯਾਤਰੀਆਂ ਨੂੰ ਵੰਡੀਆਂ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

# ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ 10 ਮਾਰਚ ਨੂੰ ਹੋਣਗੇ ਸਮਾਗਮ





ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਕਾਰ ਸੇਵਾ ਦੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਗੁਰਮਤਿ ਸਮਾਗਮ 10 ਮਾਰਚ ਨੂੰ ਕਰਵਾਏ ਜਾ ਰਹੇ ਹਨ। ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ, ਬਾਬਾ ਗੁਰਬਚਨ ਸਿੰਘ, ਬਾਬਾ ਜ਼ਸਵਿੰਦਰ ਸਿੰਘ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਾਰ ਸੇਵਾ ਦੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਗੁਰਮਤਿ ਸਮਾਗਮ 10 ਮਾਰਚ 2024 ਦਿਨ ਐਤਵਾਰ (27 ਫੱਗਣ) ਮੱਸਿਆ ਵਾਲੇ ਦਿਨ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ, ਬਾਬਾ ਗੁਰਬਚਨ ਸਿੰਘ, ਬਾਬਾ ਜ਼ਸਵਿੰਦਰ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਨ੍ਹਾਂ ਮਹਾਂਪੁਰਖਾਂ ਨੇ ਸਾਰੀ ਉਮਰ ਕਾਰ ਸੇਵਾ ਕੀਤੀ, ਜਿਨ੍ਹਾਂ ਵਿਚ ਸੰਤ ਬਾਬਾ ਬੀਰਮ ਦਾਸ ਜੀ ਦੀ ਪ੍ਰੇਰਨਾ ਨਾਲ ਸੰਤ ਬਾਬਾ ਗੁਰਮੁੱਖ ਸਿੰਘ, ਸੰਤ ਬਾਬਾ ਸ਼ਾਮ ਸਿੰਘ, ਸੰਤ ਬਾਬਾ ਸਾਧੂ ਸਿੰਘ, ਸੰਤ ਬਾਬਾ ਝੰਡਾ ਸਿੰਘ, ਸੰਤ ਬਾਬਾ ਅਮਰ ਸਿੰਘ, ਸੰਤ ਬਾਬਾ ਅਜੀਤ ਸਿੰਘ ਨੇ ਆਪਣੀ ਸਾਰੀ ਉਮਰ ਗੁਰਦੁਆਰਿਆਂ, ਸਰੋਵਰਾਂ, ਧਾਰਮਿਕ ਅਸਥਾਨਾਂ, ਸੜਕਾਂ, ਪੁਲ ਅਤੇ ਸਕੂਲ ਆਦਿ ਦੀ ਸੇਵਾ ਅਤੇ ਸਿਮਰਨ ਕਰਨ ਵਿਚ ਬਤੀਤ ਕੀਤੀ।ਉਨ੍ਹਾਂ ਸਮੂਹ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਉੱਚ ਕੋਟੀ ਦੇ ਕਥਾਵਾਚਕ, ਰਾਗੀ, ਢਾਡੀ, ਕਵੀਸ਼ਰੀ ਜਥੇ ਪਹੁੰਚ ਰਹੇ ਹਨ। ਇਸ ਮੌਕੇ ਤੇ ਗਿਆਨੀ ਕੁਲਵੰਤ ਸਿੰਘ ਲੁਧਿਆਣੇ ਵਾਲੇ, ਕਥਾਵਾਚਕ ਗਿਆਨੀ ਕਿਸ਼ਨ ਸਿੰਘ ਅੰਮ੍ਰਿਤਸਰ ਵਾਲੇ, ਭਾਈ ਚਰਨਜੀਤ ਸਿੰਘ ਖਾਲਸਾ ਮਲੋਟ ਵਾਲੇ, ਰਾਗੀ ਗੁਰਸੇਵਕ ਸਿੰਘ ਫਰੀਦਕੋਟ ਵਾਲੇ ਸੰਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਤੇ ਬਾਬਾ ਫਰੀਦ ਜੀ ਬਲੱਡ ਸੇਵਾ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਮੁਫਤ ਮੈਡੀਕਲ ਕੈਂਪ ਬਰਸੀ ਸਮਾਗਮ ਦੌਰਾਨ ਮਾਹਿਰ ਡਾਕਟਰਾਂ ਵੱਲੋਂ ਸਾਰੀਆਂ ਬਿਮਾਰੀਆਂ ਦੇ ਕੈਂਪ ਲਾਏ ਜਾਣਗੇ, ਜਿਸ ਵਿਚ ਅੱਖਾਂ ਦੀ ਬਿਮਾਰੀ ਦਾ ਕੈਂਪ ਅਤੇ ਹੋਮਿਓਪੈਥਿਕ ਕੈਂਪ ਵੀ ਲਗਾਏ ਜਾਣਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ 11 ਮਾਰਚ ਦਿਨ ਸੋਮਵਾਰ (28 ਫੱਗਣ) ਸਵੇਰੇ 11 ਵਜੇ ਅੰਮ੍ਰਿਤ ਸੰਚਾਰ ਹੋਵੇਗਾ, ਸੰਗਤਾਂ ਨੂੰ ਬੇਨਤੀ ਹੈ ਕਿ ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਅਤੇ ਲੋੜ ਅਨੁਸਾਰ ਕਕਾਰ ਮੁਫਤ ਦਿੱਤੇ ਜਾਣਗੇ। ਬਾਬਾ ਜੀ ਨੇ ਦੱਸਿਆ ਕਿ ਡੇਰਾ ਕਾਰ ਸੇਵਾ ਵਿਚ ਮੌਜੂਦਾ ਚੱਲ ਰਹੀਆਂ ਸੇਵਾਵਾਂ ਜਿਨ੍ਹਾਂ ਵਿਚ ਗੁਰਦੁਆਰਾ ਜੰਡ ਸਾਹਿਬ, ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ, ਭਰਤਗੜ੍ਹ ਨਜਦੀਕ ਅਨੰਦਪੁਰ ਸਾਹਿਬ, ਡੇਰਾ ਕਾਰ ਸੇਵਾ ਬੰਗਾ, ਸ੍ਰੀ ਗੁਰੂ ਰਾਮ ਦਾਸ ਜੀ ਮਲੋਟ ਰੋਡ ਸ੍ਰੀ ਮੁਕਤਸਰ ਸਾਹਿਬ ਅਤੇ ਸੰਤ ਬਾਬਾ ਗੁਰਮੁੱਖ ਸਿੰਘ ਇੰਟਰਨੈਸ਼ਨਲ ਆਈ.ਸੀ.ਐਸ.ਈ ਪਬਲਿਕ ਸਕੂਲ ਸ੍ਰੀ ਮੁਕਤਸਰ ਸਾਹਿਬ, ਗੁਰਦੁਆਰਾ ਬ੍ਰਹਮ ਗਿਆਨੀ ਬਾਬਾ ਬੀਰ ਸਿੰਘ ਠੱਠੀਆਂ ਮਹੰਤਾਂ (ਤਰਨਤਾਰਨ), ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਪਿੰਡ ਚੱਕ ਅੰਮ੍ਰਿਤਸਰੀਆ ਨੇੜੇ ਸਮਾਣਾ (ਪਟਿਆਲਾ) ਗੁਰਦੁਆਰਾ ਅਤਰਸਰ ਸਾਹਿਬ ਕੱਚਾ ਗੋਨਿਆਣਾ ਰੋਡ ਅਤੇ ਸ੍ਰੀ ਗੁਰੂ ਅੰਗਦ ਦੇਵ ਗੁਰਮਤਿ ਵਿਦਿਆਲਾ ਜੰਡ ਸਾਹਿਬ ਆਦਿ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸੇਵਾਵਾਂ ਚੱਲ ਰਹੀਆਂ ਹਨ। ਬਾਬਾ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਨ੍ਹਾਂ ਸੇਵਾਵਾਂ ਵਿਚ ਤਨ, ਮਨ, ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਬਾਬਾ ਹਰਭਜਨ ਸਿੰਘ, ਬਾਬਾ ਗੁਰਬਚਨ ਸਿੰਘ, ਬਾਬਾ ਜ਼ਸਵਿੰਦਰ ਸਿੰਘ, ਬਾਬਾ ਸਤਿਨਾਮ ਸਿੰਘ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ 2 ਦਿਨ ਹੀ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹਿਰ ਵਿਚ ਹੋ ਰਹੀਆਂ ਚੋਰੀਆਂ ਅਤੇ ਲੁੱਟਾਂ ਖੋਹਾਂ ਨੂੰ ਠੱਲ ਪਾਈ ਜਾਵੇ—ਗੁਰਪਾਲ ਸਿੰਘ ਪਾਲੀ ਘਾਰੂ ਪ੍ਰਧਾਨ



ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਬੀਤੇ ਦਿਨੀਂ ਫ਼ਿਰੋਜ਼ਪੁਰ ਸ਼ਹਿਰ ਵਾਸੀ ਗਲੀ ਮਨਜੀਤ ਪੈਲਸ ਕਾਂਸ਼ੀ ਨਗਰੀ ਫ਼ਿਰੋਜ਼ਪੁਰ ਵਿਖੇ ਹੋਈ ਚੋਰੀ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਪਾਲ ਸਿੰਘ ਪਾਲੀ ਘਾਰੂ ਪ੍ਰਧਾਨ ਹਿਊਮਨ ਰਾਈਟ ਵੈਲਫੇਅਰ ਸੁਸਾਇਟੀ ਪੰਜਾਬ ਤੇ ਸਟੇਟ ਚੀਫ ਸੈਕਟਰੀ ਪੰਜਾਬ ਅਤੇ ਨੈਸ਼ਨਨ ਕਰਾਈਮ ਕੰਟਰੋਲ ਆਰਗੇਨਾਈਜੇਸ਼ਨ ਨੇ ਦੱਸਿਆ ਕਿ 27 ਫਰਵਰੀ ਦੀ ਰਾਤ ਨੂੰ ਅਸੀਂ ਆਪਣੇ ਘਰ ਵਿਚ ਸੋ ਰਹੇ ਸੀ ਕਿ ਦੋ ਅਣਪਛਾਤੇ ਵਿਅਕਤੀ ਜ਼ੋ ਕੰਧ ਟੱਪ ਕੇ ਸਾਡੇ ਘਰ ਵਿਚ ਦਾਖਲ ਹੋਏ ਅਤੇ ਘਰ ਦੀ ਰਸੋਈ ਵਿਚੋਂ ਦੋ ਸਿਲੰਡਰ ਤੇ ਜ਼ਰੂਰੀ ਕਾਗਜ਼ਾਤ ਮੋਟਰ ਸਾਈਕਲ ਦੇ ਸਬੰਧ ਵਿਚ ਜ਼ੋ ਕਿ ਬੈਗ ਵਿਚ ਰੱਖੇ ਹੋਏ ਸਨ, ਉਹ ਵੀ ਨਾਲ ਲੈ ਗਏ। ਇਥੇ ਹੀ ਬੱਸ ਨਹੀਂ ਚੋਰਾਂ ਦੇ ਹੌਂਸਲੇ ਏਨ੍ਹੇ ਬੁਲੰਦ ਸਨ ਕਿ ਇਸੇ ਗਲੀ ਵਿਚ ਇਨ੍ਹਾਂ ਦੇ ਘਰ ਦੇ ਨਾਲ—ਨਾਲ ਮੋਬਾਇਲ ਅਤੇ ਚਾਰਜ ਅਤੇ ਇਨ੍ਹਾਂ ਦੇ ਹੋਰ ਘਰ ਵਿਚੋਂ 2 ਮੰਜੇ ਵੀ ਚੁੱਕੇ ਕੇ ਲੈ ਗਏ। ਇਸੇ ਤਰ੍ਹਾਂ ਮੇਹਰ ਸਿੰਘ ਪੁੱਤਰ ਜ਼ੋਗਿੰਦਰ ਸਿੰਘ ਅਤੇ ਮੋਬਾਇਲ ਵਾਲੇ ਬਿੰਦਰ ਪੁੱਤਰ ਖੁਸ਼ੀਆ ਦੇ ਘਰੋਂ ਮੋਬਾਇਲ ਚੁੱਕ ਕੇ ਲੈ ਗਏ ਅਤੇ ਡਾ: ਪਾਲੀ ਦੇ ਘਰੋਂ 2 ਸਿਲੰਡਰ ਇਕ ਬੈਗ ਅਤੇ ਕੁਝ ਪੈਸੇ ਲੈ ਗਏ। ਡਾ: ਗੁਰਪਾਲ ਸਿੰਘ ਪਾਲੀ ਘਾਰੂ ਨੇ ਪੰਜਾਬ ਪੁਲਿਸ ਅਤੇ ਫ਼ਿਰੋਜ਼ਪੁਰ ਦੇ ਉੱਚ ਅਧਿਕਾਰੀਆਂ ਅਤੇ ਸਬੰਧਤ ਐਸ.ਐਚ.ਓ ਥਾਣਾ ਸਿਟੀ ਤੋਂ ਮੰਗ ਕੀਤੀ ਕਿ ਇਨ੍ਹਾਂ ਚੋਰਾਂ ਦੀ ਭਾਲ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਸਾਨੂੰ ਇਨਸਾਫ ਦਿੱਤਾ ਜਾਵੇ। ਇਸ ਮੌਕੇ ਪ੍ਰੀਤਮ ਸਿੰਘ ਜ਼ੋਸਨ ਪੰਜਾਬ ਪ੍ਰਧਾਨ ਹਿਊਮਨ ਰਾਈਟ ਵੈਲਫੇਅਰ ਸੁਸਾਇਟੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਸ਼ੁਭਕਰਨ ਸਿੰਘ ਦੇ ਸ਼ਰਧਾਂਜਲੀ ਸਮਾਗਮ 'ਤੇ

# ਜ਼ੋਨ ਆਰਫ਼ਿ ਕੇ ਦਾ ਵੱਡਾ ਕਾਫ਼ਲਾ ਰਵਾਨਾ



ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਫ਼ਿਰੋਜ਼ਪੁਰ ਦੇ ਜੋਨ ਆਰਫ਼ਿ ਕੇ ਦਾ ਵੱਡਾ ਕਾਫ਼ਲਾ ਅੱਜ ਜੋਨ ਪ੍ਰਧਾਨ ਹਰਫੂਲ ਸਿੰਘ ਤੇ ਸਕੱਤਰ ਭੁਪਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਸੁਭਕਰਨ ਸਿੰਘ ਦੀ ਅੰਤਿਮ ਅਰਦਾਸ ਲਈ ਪਿੰਡ ਬੱਲੋ ਕੇ ਬਠਿੰਡਾ ਲਈ ਰਵਾਨਾ ਹੋਇਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰੈੱਸ ਸਕੱਤਰ ਹਰਨੇਕ ਸਿੰਘ ਭੁੱਲਰ ਨੇ ਦੱਸਿਆ ਕਿ ਕੇਂਦਰ ਦੀ ਭਾਜਪਾ ਤੇ ਹਰਿਆਣਾ ਦੀ ਮਨੋਹਰ ਲਾਲ ਖੱਟਰ ਦੇ ਤਸ਼ਦੱਦ ਦਾ ਸ਼ਿਕਾਰ ਹੋਇਆ ਨੌਜਵਾਨ ਕਿਸਾਨ ਸ਼ਹੀਦ ਸ਼ੁਭਕਰਨ ਸਿੰਘ ਤੇ ਬਾਕੀ ਸ਼ਹੀਦਾਂ ਦੀ ਸ਼ਹੀਦੀ ਵਿਅਰਥ ਨਹੀਂ ਜਾਣ ਦਿੱਤੀ ਜਾਵੇਗੀ, ਸਗੋਂ ਅੰਦੋਲਨ ਵਿੱਚ ਨਵੀਂ ਰੂਹ ਫੂਕੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਮੰਗ ਹੈ ਕਿ ਕਾਤਲਾਂ ਨੂੰ ਜਲਦ ਤੋ ਜਲਦ ਸਜ਼ਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨੀ ਅੰਦੋਲਨ ਦੀਆਂ ਸਾਰੀਆਂ ਮੰਗ ਮੰਨੇ ਜਿਵੇ 23 ਫਸਲਾਂ ਦੀ ਖਰੀਦ ਗਰੰਟੀ, ਸ਼ਹੀਦਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਤੇ ਸਰਕਾਰੀ ਨੌਕਰੀ, ਬਾਕੀ ਰਹਿੰਦੀਆਂ ਮੰਨੀਆਂ ਮੰਗਾਂ ਲਾਗੂ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਸ਼ੰਭੂ ਮੋਰਚੇ ਤੇ ਖਨੋਰੀ ਬਾਰਡਰ ਤੇ ਕੀਤਾ ਜਾ ਰਿਹਾ ਅਰਧ ਸੈਨਿਕਾ ਵੱਲੋਂ ਤਸ਼ਦੱਦ ਬੰਦ ਕੀਤਾ ਜਾਵੇ। ਗੱਲਬਾਤ ਕਰਦਿਆਂ ਕਿਸਾਨ ਆਗੂ ਸਲਵਿੰਦਰ ਸਿੰਘ ਤੇ ਗੁਰਦੇਵ ਸਿੰਘ ਨੇ ਕਿਹਾ ਕਿ ਮੰਗਾਂ ਮੰਨਣ ਤੱਕ ਸੰਘਰਸ਼ ਜਾਰੀ ਰਹੇਗਾ ਤੇ ਪਿੰਡਾਂ ਸ਼ਹਿਰਾਂ ਤੋਂ ਵੱਡੇ ਵੱਡੇ ਕਾਫ਼ਲੇ ਲਗਾਤਾਰ ਆਉਂਦੇ ਰਹਿਣਗੇ। ਇਸ ਮੌਕੇ ਹੋਰ ਕਿਸਾਨ ਆਗੂ ਸਾਧਾ ਸਿੰਘ ਕਮਾਲਾ ਬੋਦਲਾ, ਅਜਮੇਰ ਸਿੰਘ, ਸ਼ੀਤਲ ਸਿੰਘ, ਮਹਿਲ ਸਿੰਘ, ਕਾਰਜ ਸਿੰਘ ਕਟੋਰਾ, ਪੁਸ਼ਿਪੰਦਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ

# ਬਠਿੰਡਾ ਰੈਲੀ ਵਿੱਚ ਵੱਡੀ ਗਿਣਤੀ ਕੀਤੀ ਸ਼ਮੂਲੀਅਤ—ਜਾਗੋਵਾਲੀਆ



ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਜੇ.ਪੀ.ਐਮ.ਓ. ਵੱਲੋਂ ਸੁਰਿੰਦਰ ਸਿੰਘ ਕਨਵੀਨਰ, ਕਿਸ਼ਨ ਚੰਦ ਜਾਗੋਵਾਲੀਆ ਕਨਵੀਨਰ, ਸੁਭਾਸ਼ ਸ਼ਰਮਾ ਕੋ—ਆਰਡੀਨੇਟਰ ਦੀ ਅਗਵਾਈ ਹੇਠ ਤਿੰਨ ਮਾਰਚ ਦੀ ਬਠਿੰਡਾ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ। ਇਸ ਸਮੇਂ ਬਲਕਾਰ ਸਿੰਘ ਮਾੜੀਮੇਘਾ, ਡਾਕਟਰ ਪ੍ਰਦੀਪ ਕੁਮਾਰ ਰਾਣਾ, ਮਹਿੰਦਰ ਸਿੰਘ ਧਾਲੀਵਾਲ, ਦਲਜੀਤ ਸਿੰਘ ਯਾਰੇਸ਼ਾਹ ਵਾਲਾ, ਪ੍ਰਤਾਪ ਸਿੰਘ ਢਿੱਲੋ, ਰਮੇਸ਼ ਭੱਟੀ, ਕਰਮ ਸਿੰਘ, ਮੇਹਰ ਸਿੰਘ, ਪਾਲਾ ਸਿੰਘ, ਸਤਪਾਲ ਸਿੰਘ ਆਦਿ ਆਗੂਆਂ ਨੇ ਦੱਸਿਆ ਕਿ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ ਕੇਂਦਰ ਤੇ ਰਾਜ ਸਰਕਾਰ ਦੀਆਂ ਨਿੱਜੀਕਰਨ ਦੀਆਂ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਸਰਕਾਰੀ ਅਦਾਰਿਆਂ ਨੂੰ ਕੌਡੀਆਂ ਦੇ ਭਾਅ ਕਾਰਪੋਰੇਟ ਘਰਾਣਿਆਂ ਨੂੰ ਵੇਚਿਆ ਜਾ ਰਿਹਾ ਹੈ, ਜਿਸ ਨਾਲ ਰੁਜ਼ਗਾਰ ਦੇ ਵਸੀਲੇ ਬੰਦ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦਿਨੋ—ਦਿਨ ਨੌਜਵਾਨ ਵੱਡੀ ਗਿਣਤੀ ਵਿੱਚ ਆਪਣੀਆਂ ਜਾਇਦਾਦਾਂ ਨੂੰ ਕੌੜੀਆਂ ਦੇ ਭਾਅ ਵੇਚ ਕੇ ਵਿਦੇਸ਼ਾਂ ਨੂੰ ਰੁੱਖ ਕਰ ਰਹੇ ਹਨ, ਮਹਿੰਗਾਈ ਇੰਨੀ ਵੱਧ ਚੁੱਕੀ ਹੈ ਕਿ ਮਜ਼ਦੂਰਾਂ ਨੂੰ ਦੋ ਡੰਗ ਦੀ ਰੋਟੀ ਖਾਣੀ ਵੀ ਔਖੀ ਹੋ ਗਈ ਹੈ। ਉਨਾਂ ਕਿਹਾ ਕਿ ਮੁਲਾਜ਼ਮਾਂ ਦੀ ਜਨਵਰੀ 2004 ਤੋ ਗੁਜ਼ਾਰੇ ਜਿੰਨੀ ਮਿਲਦੀ ਪੈਨਸ਼ਨ ਵੀ ਬੰਦ ਕਰ ਦਿੱਤੀ ਗਈ ਹੈ, ਕਿਸਾਨਾਂ ਦੀਆਂ ਫਸਲਾਂ ਦਾ ਯੋਗ ਮੁੱਲ ਨਹੀਂ ਦਿੱਤਾ ਜਾ ਰਿਹਾ, ਉਹਨਾਂ ਦੇ ਕਰਜੇ ਮੁਆਫ ਨਹੀਂ ਕੀਤੇ ਜਾ ਰਹੇ, ਸਗੋਂ ਕਾਰਪੋਰੇਟਾਂ ਦੇ ਕਰੋੜਾਂ ਰੁਪਏ ਦੇ ਕਰਜੇ ਮੁਆਫ ਕੀਤੇ ਗਏ ਹਨ। ਉਨਾ ਕਿਹਾ ਕਿ ਨਿੱਜੀਕਰਨ ਦੀਆਂ ਨੀਤੀਆਂ ਬੰਦ ਕੀਤੀਆਂ ਜਾਣ, ਮਜ਼ਦੂਰਾਂ ਨੂੰ ਮਗਨਰੇਗਾ ਵਿੱਚ ਸਾਰਾ ਸਾਲ ਕੰਮ ਦਿੱਤਾ ਜਾਵੇ, ਮਹਿੰਗਾਈ ਨੂੰ ਨੱਥ ਪਾਈ ਜਾਵੇ, ਰਾਜ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਾਂ ਨੂੰ ਛੇਵੇਂ ਪੇ ਕਮਿਸ਼ਨ ਦਾ ਬਕਾਇਆ ਤੇ ਡਿਊ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਰਿਲੀਜ਼ ਕੀਤੀਆਂ ਜਾਣ, ਮੁਲਾਜ਼ਮਾ ਤੇ ਪੈਨਸ਼ਨਾਂ ਤੇ ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਪੈਨਸ਼ਨਰਾਂ ਦੀ 2.59 ਦੇ ਫੈਕਟਰ ਅਨੁਸਾਰ ਪੈਨਸ਼ਨ ਫਿਕਸ ਕੀਤੀ ਜਾਵੇ। ਇਸ ਮੌਕੇ ਰਮੇਸ਼ ਸ਼ਰਮਾ, ਪ੍ਰਵੀਨ ਕੁਮਾਰ, ਅਰਜਨ ਪਾਸੀਂ, ਜਗਜੀਤ ਸਿੰਘ, ਵਿਨੋਦ ਗੁਪਤਾ, ਪਦਮ ਕੁਮਾਰ, ਰਾਜਬੀਰ ਸਿੰਘ ਸਮੇਤ ਵੱਡੀ ਗਿਣਤੀ ਆਗੂ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ

# ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ

ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ )-ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਪਰਿਵਾਰ ਵੱਲੋਂ ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ ਕੀਤਾ ਗਿਆ। ਸੰਗਤਾਂ ਵੱਲੋਂ ਰਲ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਜੀ ਦੇ ਪਾਠ ਕੀਤੇ ਗਏ। ਆਈਆਂ ਸੰਗਤਾਂ ਵਾਸਤੇ ਸ਼ਰਦਾਈ ਦੇ ਲੰਗਰ ਅਤੁੱਟ ਵਰਤਿਆ।ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ।ਇਸ ਮੌਕੇ ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਸਪਤਨੀ ਬੀਬੀ ਗੁਰਵਿੰਦਰ ਕੌਰ, ਬਾਬਾ ਦਇਆ ਸਿੰਘ ਜੀ, ਸ੍ਰ ਕਰਨਜੀਤ ਸਿੰਘ, ਸ੍ਰ ਰਛਪਾਲ ਸਿੰਘ ,ਸ੍ਰ ਹਰਭਾਲ ਸਿੰਘ ਅਲਗੋ ਕੋਠੀ,ਸ੍ਰ ਮਹਿੰਦਰਪਾਲ ਸਿੰਘ,ਰਾਗੀ ਭਾਈ ਕਿਰਪਾਲ ਸਿੰਘ,ਬੀਬੀ ਜਗਦੀਪ ਕੌਰ, ਬੀਬੀ ਜਸ਼ਨਪ੍ਰੀਤ ਕੌਰ,ਬੀਬੀ ਪਰਮਜੀਤ ਕੌਰ,ਬੀਬੀ ਸੁਖਵਿੰਦਰ ਕੌਰ, ਅਤੇ ਹੋਰ ਸੰਗਤਾਂ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV



# ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਵੰਡਿਆ ਰਾਸ਼ਨ



ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਸਮਾਜ ਸੇਵਾ ਦੇ ਖੇਤਰ ਵਿਚ ਹਮੇਸ਼ਾ ਮੋਹਰਲੀ ਕਤਾਰ ਵਿਚ ਰਹਿਣ ਵਾਲੀ ਸੰਸਥਾ ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 102 ਗਰੀਬ ਵਿਧਵਾ ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਰਾਸ਼ਨ ਵੰਡਿਆ ਗਿਆ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰ ਸ੍ਰੀ ਪੀ.ਸੀ ਕੁਮਾਰ, ਡੀ.ਕੇ ਬਜਾਜ, ਰਜਨੀਸ਼ ਕਪੂਰ, ਮਦਨ ਲਾਲ, ਉਮ ਪ੍ਰਕਾਸ਼ ਚਾਵਲਾ ਆਦਿ ਆਗੂ ਹਾਜ਼ਰ ਸਨ। ਇਸ ਮੌਕੇ ਤੇ ਸਮੂਹ ਅਹੁਦੇਦਾਰਾਂ ਨੇ ਦੱਸਿਆ ਕਿ ਸੰਸਥਾ ਵੱਲੋਂ ਗਰੀਬ, ਵਿਧਵਾ, ਬਜ਼ੁਰਗਾਂ ਦੇ ਘਰ—ਘਰ ਜਾ ਕੇ ਰਾਸ਼ਨ ਦਿੰਦੇ ਹਨ ਅਤੇ ਕਿਸੇ ਨੂੰ ਵੀ ਕੋਈ ਤਕਲੀਫ ਨਹੀਂ ਦਿੰਦੇ, ਸਗੋਂ ਸਮੂਹ ਅਹੁਦੇਦਾਰ ਖੁਦ—ਬ—ਖੁਦ ਘਰ—ਘਰ ਜਾ ਕੇ ਰਾਸ਼ਨ ਵੰਡਦੇ ਹਨ। ਇਸ ਮੌਕੇ ਤੇ ਟਰਟਸ ਸਦਾਵਰਤ ਪੰਚਾਇਤੀ ਦੇ ਅਹੁਦੇਦਾਰ ਸ੍ਰੀ ਪੀ.ਸੀ ਕੁਮਾਰ ਨੇ ਸਮੂਹ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਅਤੇ ਆਖਿਆ ਕਿ ਇਹ ਟਰੱਸਟ ਸਦਾਵਰਤ ਪੰਚਾਇਤੀ 1914 ਵਿਚ ਹੌਂਦ ਵਿਚ ਉਸ ਵੇਲੇ ਆਇਆ, ਜਦੋਂ ਸਾਰੇ ਦੇਸ਼ ਵਿਚ ਅਕਾਲ ਪੈ ਗਿਆ, ਲੋਕਾਂ ਨੂੰ ਰੋਟੀ ਤੱਕ ਨਸੀਬ ਨਹੀਂ ਹੋਈ, ਉਸ ਵੇਲੇ ਕੁਝ ਦਾਨੀ ਸੱਜਣਾਂ ਆਪਣੀਆਂ ਜਾਇਦਾਦਾਂ ਇਸ ਟਰੱਸਟ ਦੇ ਨਾਮ ਤੇ ਕਰਵਾਈਆਂ ਅਤੇ ਉਦੋਂ ਤੋਂ ਲੈ ਕੇ ਇਹ ਟਰੱਸਟ ਹਰ ਲੋੜਵੰਦ ਦੀ ਮੱਦਦ ਕਰਦਾ ਆ ਰਿਹਾ ਹੈ ਅਤੇ ਹਰ ਲੋੜਵੰਦ ਜਿਵੇਂ ਮਰੀਜ ਨੂੰ ਦਵਾਈਆਂ, ਗਰੀਬ ਲੋੜਵੰਡ ਬੱਚਿਆਂ ਨੂੰ ਮੁਫਤ ਕਿਤਾਬਾਂ, ਫੀਸ, ਵਰਦੀਆਂ ਤੋਂ ਇਲਾਵਾ ਹਰ ਪ੍ਰਕਾਰ ਦੀ ਮੱਦਦ ਤੋਂ ਇਲਾਵਾ ਜੇਲ ਵਿਚ ਬੈਠੀਆਂ ਔਰਤਾਂ ਨੂੰ ਕਪੜੇ, ਸਵੈਟਰ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਵੀ ਕਪੜੇ ਆਦਿ ਦਿੰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਕਰੋਨਾ ਕਾਲ ਵਿਚ ਵੀ ਹਮੇਸ਼ਾ ਮੋਹਰਲੀ ਕਤਾਰ ਵਿਚ ਰਹਿ ਕੇ ਜਿਵੇਂ ਕਿ ਮਾਸਕ ਵੰਡਣੇ, ਲੋੜਵੰਦਾਂ ਨੂੰ ਖਾਣਾ ਆਦਿ ਦਿੱਤਾ ਜਾਂਦਾ ਰਿਹਾ ਹੈ, ਅਸੀਂ ਪ੍ਰਮਾਤਮਾ ਅੱਗੇ ਅਰਦਾਸ ਬੇਨਤੀ ਕਰਦੇ ਹਾਂ ਕਿ ਟਰੱਸਟ ਸਦਾਵਰਤ ਪੰਚਾਇਤੀ ਰਜਿ: ਦੇ ਅਹੁਦੇਦਾਰਾਂ ਨੂੰ ਤੰਦਰੁਸਤੀ ਦੇਵੇ ਤਾਂ ਜ਼ੋ ਉਹ ਹੋਰ ਵੀ ਵੱਧ ਚੜ ਕੇ ਲੋੜਵੰਦਾਂ ਦੀ ਮੱਦਦ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਬਕਾ ਵਣ ਰੇਂਜ ਅਫਸਰ ਦੇ ਲੜਕੇ ਦੀ ਹੋਈ ਮੌਤ ਤੇ ਦੁੱਖ ਦਾ ਪ੍ਰਗਟਾਵਾ

ਫ਼ਿਰੋਜ਼ਪੁਰ, 3 ਮਾਰਚ (ਮਨੋਹਰ ਲਾਲ) :— ਪੰਜਾਬ ਫਾਰੈਸਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇਮੈਂਬਰ ਅਤੇ ਸਾਬਕਾ ਵਣ ਰੇਂਜ ਅਫਸਰ ਨਰਿੰਦਰਜੀਤ ਸਿੰਘ ਰਿਆੜ ਦੇ ਹੋਣਹਾਰ ਲੜਕੇ ਕਿਰਨਦੀਪ ਸਿੰਘ (54) ਦੀ ਹੋਈ ਅਚਾਨਕ ਮੌਤ ਤੇ ਸਾਥੀ ਮੁਲਾਜ਼ਮਾਂ ਨੇ ਕੀਤਾ ਦੁੱਖ ਦਾ ਪ੍ਰਗਟਾਵਾ। ਜ਼ਿਕਰਯੋਗ ਹੈ ਕਿ ਸ੍ਰੀ ਕਿਰਨਦੀਪ ਸਿੰਘ ਆਪਣੇ ਪਿਤਾ ਬਜ਼ੁਰਗ ਮਾਤਾ—ਪਿਤਾ, ਪਤਨੀ ਅਤੇ ਬੱਚਿਆਂ ਨੂੰ ਰੋਂਦੇ—ਕੁਰਲਾਉਂਦੇ ਛੱਡ ਗਏ ਹਨ। ਮ੍ਰਿਤਕ ਦੀ ਆਤਮਿਕ ਸ਼ਾਂਤੀ ਲਈ 6 ਮਾਰਚ ਦਿਨ ਬੁੱਧਵਾਰ ਸਵੇਰੇ 11 ਵਜੇ ਤੋਂ ਇਕ ਵਜੇ ਤੱਕ ਗੁਰਦੁਆਰਾ ਸ੍ਰੀ ਰਾਮ ਲਾਲ ਮੱਲਵਾਲ ਰੋਡ ਫ਼ਿਰੋਜ਼ਪੁਰ ਸ਼ਹਿਰ ਵਿਖੇ ਪਾਠ ਦੇ ਭੋਗ ਪਾਏ ਜਾਣਗੇ, ਜਿਸ ਉਪਰੰਤ ਅੰਤਿਮ ਅਰਦਾਸ ਕੀਤੀ ਜਾਵੇਗੀ। ਪੰਜਾਬ ਫਾਰੈਸਟ ਪੈਨਸ਼ਨਜ਼ ਵੈਲਫੇਅਰ ਐਸੋਸੀਏਸ਼ਨ, ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ, ਪੰਜਾਬ ਸੂਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਅਤੇ ਪੰਜਾਬ ਨਾਨ ਗਜਟਿਡ ਫਾਰੈਸਟ ਆਫਿਸਰਜ਼ ਯੂਨੀਅਨ ਦੇ ਅਹੁਦੇਦਾਰ ਸਾਥੀ ਜਗਦੀਪ ਸਿੰਘ ਢਿੱਲੋਂ, ਬਲਵਿੰਦਰ ਸਿੰਘ ਸੰਧੂ ਅਬੋਹਰ, ਮਹਿੰਦਰ ਸਿੰਘ ਧਾਲੀਵਾਲ, ਮਹਿਦਰ ਸਿੰਘ ਅਬੋਹਰ, ਮੇਜਰ ਸਿੰਘ ਮੁੰਗਰਾ, ਬਲਜੀਤ ਸਿੰਘ ਕੰਗ, ਰਛਪਾਲ ਸਿੰਘ, ਸੁਭਾਸ਼ ਸ਼ਰਮਾ, ਸੁਰਿੰਦਰ ਸਿੰਘ ਰੇਲਵੇ, ਗੁਰਦੇਵ ਸਿੰਘ ਸਿੱਧੂ, ਜਗਦੀਪ ਸਿੰਘ ਮਾਂਗਟ, ਰਜੀਵ ਹਾਂਡਾ, ਬਲਵਿੰਦਰ ਸਿੰਘ ਭੁਟੋ, ਹਰਦੀਪ ਸਿੰਘ ਮੌਂਗਾ, ਕੁਲਦੀਪ ਸਿੰਘ, ਡੋਗਰ ਸਿੰਘ, ਅਰੁਨ ਕੁਮਾਰ ਵਣ ਵਿਭਾਗ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰਘਟ ਦੇ ਆਗੂ ਸੁਬੇਗ ਸਿੰਘ, ਜ਼ਸਪਾਲ ਸਿੰਘ ਡੀ.ਐਸ.ਪੀ, ਖਜਾਨ ਸਿੰਘ, ਕਸ਼ਮੀਰ ਸਿੰਘ, ਉਮ ਪ੍ਰਕਾਸ਼ ਆਦਿ ਨੇ ਪਰਿਵਾਰ ਨਾਲ ਇਸ ਦੁੱਖ ਦੀ ਘੜੀ ਵਿਚ ਦੁੱਖ ਦਾ ਪ੍ਰਵਟਾਵਾ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਦੀ ਕਾਮਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪੱਲਸ ਪੋਲੀਓ ਮੁਹਿੰਮ ਦਾ ਕੀਤਾ ਉਦਘਾਟਨ



ਚੌਕ ਮਹਿਤਾ3 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਵਿਜੇ ਕੁਮਾਰ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਲਸ ਪੋਲੀਓ ਮੁਹਿੰਮ ਦਾ ਸ਼ੁਭ ਆਰੰਭ ਸੈਟੇਲਾਈਟ ਹਸਪਤਾਲ ਮੁਸਤਾਫਾਬਾਦ ਵਿਖੇ ਤੋਂ ਕੀਤਾ ਗਿਆ। ਇਸ ਮੌਕੇ ਤੇ ਸਟੇਟ ਮੋਨੀਟਰਿੰਗ ਅਫਸਰ ਡਾ ਇੰਦਰਦੀਪ ਕੌਰ ਅਤੇ ਜਿਲਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਵਲੋਂ ਨੰਨ੍ਹੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾ ਕੇ ਇਸ ਮੁਹਿੰਮ ਦਾ ਓਦਘਾਟਨ ਕੀਤਾ ਗਿਆ। ਇਸ ਅਵਸਰ ਤੇ ਜਿਲਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ ਨੇ ਕਿਹਾ ਕਿ ਬੇਸ਼ਕ ਭਾਰਤ ਪੋਲਿਓ ਮੁਕਤ ਦੇਸ਼ਾ ਦੀ ਗਿਣਤੀ ਵਿਚ ਆ ਚੁੱਕਾ ਹੈ, ਪਰ ਫਿਰ ਵੀ ਇਸ ਮੁਕਾਮ ਨੂੰ ਬਰਕਰਾਰ ਰੱਖਣ ਲਈ ਵਿਸ਼ਵ ਸਿਹਤ ਸੰਗਠਨ ਵਲੋ ਇਹ ਰਾਊਡ ਚਲਾਏ ਜਾ ਰਹੇ ਹਨ। ਇਸ ਰਾਊਡ ਤਹਿਤ 2782768 ਅਬਾਦੀ ਦੇ 551168 ਘਰਾਂ ਵਿੱਚ ਰਹਿੰਦੇ 0 ਤੋ 5 ਸਾਲ ਦੇ 295839 ਬੱਚਿਆ ਨੂੰ 1520 ਟੀਮਾਂ ਵਲੋ ਪੋਲੀਓ ਦੀਆਂ 2 ਬੂੰਦਾਂ ਪਿਲਾਈਆ ਜਾਣਗੀਆ ਅਤੇ 275 ਸੁਪਰਵਾਈਜਰਾ ਵਲੋ ਇਨਾਂ ਦਾ ਨਿਰੀਖਣ ਕੀਤਾ ਜਾਵੇਗਾ ਸ਼ਾਮ ਤੱਕ ਦੀ ਰਿਪੋਰਟ ਆਓਣ ਤੱਕ ਜਿਲ੍ਹੇ ਭਰ ਵਿਚ 1ਲੱਖ 43 ਹਜਾਰ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਗਈਆਂ ਹਨ ਅਤੇ ਬਾਕੀ ਦੇ ਬੱਚਿਆਂ ਨੂੰ ਅਗਲੇ ਦੋ ਦਿਨਾਂ ਵਿਚ ਸਿਹਤ ਵਿਭਾਗ ਦੀਆਂ ਟੀਮਾਂ ਘਰਾਂ-ਘਰਾਂ ਵਿਚ ਜਾ ਕੇ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ।ਇਸ ਮੌਕੇ ਡਾ ਇਸ਼ਿਤਾ, ਡਾ ਮਨਜੀਤ ਸਿੰਘ ਰਟੌਲ, ਡਾ ਰਾਘਵ ਗੁਪਤਾ, ਡਾ ਸੁਨੀਤ ਗੁਰਮ ਗੁਪਤਾ, ਜਿਲਾ ਮਾਸ ਮੀਡੀਆ ਅਫਸਰ ਰਾਜ ਕੌਰ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡਿਪਟੀ ਐਮ.ਈ.ਆਈ.ਓ. ਸੁਖਵਿੰਦਰ ਕੌਰ ਅਤੇ ਪੈਰਾ ਮੈਡੀਕਲ ਸਟਾਫ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰ ਗੁਰਸ਼ਰਨ ਸਿੰਘ ਗੁਰਸੇਵਕ ਸਿੰਘ ਸਪੁੱਤਰ ਸ੍ਰ ਬਲਜੀਤ ਸਿੰਘ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ

# ਗੁਰਮਤਿ ਸਮਾਗਮ ਹੋਇਆ

## ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਹਾਜ਼ਰੀ ਭਰੀ ਗਈ















**ਚੌਕ ਮਹਿਤਾ, 3 ਮਾਰਚ**-(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਨਗਰ ਵਾੜਾ ਸ਼ੇਰ ਸਿੰਘ ਤੋਂ ਸ੍ਰ ਗੁਰਸ਼ਰਨ ਸਿੰਘ ਗੁਰਸੇਵਕ ਸਿੰਘ ਸਪੁੱਤਰ ਸ੍ਰ ਬਲਜੀਤ ਸਿੰਘ ਜੀ ਦੇ ਗ੍ਰਹਿ ਵਿਖੇ ਗੁਰਮਤਿ ਸਮਾਗਮ ਕੀਤਾ ਗਿਆ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਬਾਬਾ ਦਇਆ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਨੇ ਪਾਵਨ ਹੁਕਮਨਾਮੇ ਦੀ ਕਥਾ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਇਸ ਤੋਂ ਉਪਰੰਤ ਕਥਾਵਾਚਕ ਭਾਈ ਕੁਲਵਿੰਦਰ ਸਿੰਘ ਜੀ ਨੇ ਗੁਰਮਤਿ ਦੀਆਂ ਵਿਚਾਰਾਂ ਨਾਲ ਸਾਂਝ ਪਾਈ ।ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨਤਾਰਨ ਹੁਰਾਂ ਨੇ ਹਾਜਰੀ ਭਰੀ। ਇਸੇ ਤਰ੍ਹਾਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਜਰਨਲ ਸਕੱਤਰ ਪੰਜਾਬ, ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲੇ, ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਪ੍ਰਧਾਨ ਅਸਟਰੀਆ ਯੂਰਪ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨਤਾਰਨ, ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਹਾਜਰੀ ਭਰੀ। ਬਾਬਾ ਸੱਜਣ ਸਿੰਘ ਜੀ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਮੌਕੇ ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰ ਚਾਨਣ ਸਿੰਘ ਮੌਜੂਦਾ ਸਰਪੰਚ , ਸ੍ਰ ਰਾਜ ਸਿੰਘ ਆੜਤੀਆ,ਸ੍ਰ ਦਲੇਰ ਸਿੰਘ ਕਲਸੀਆਂ, ਸ੍ਰ ਸ਼ਮਸ਼ੇਰ ਸਿੰਘ, ਸ੍ਰ ਕੁਲਦੀਪ ਸਿੰਘ, ਸ੍ਰ ਹਰਪ੍ਰੀਤ ਸਿੰਘ, ਸ੍ਰ ਤਰਸੇਮ ਸਿੰਘ ਕਲਸੀਆਂ, ਸ੍ਰ ਗੁਰਪ੍ਰੀਤ ਸਿੰਘ, ਸ੍ਰ ਬਖਸ਼ੀਸ਼ ਸਿੰਘ, ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243